ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 21 ਮਈ 2026 (ਨਾਨਕਸ਼ਾਹੀ ਸੰਮਤ : ੫੫੮, ੭ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੂੰ ਵੱਡਾ ਝਟਕਾ ; ਮਨਪ੍ਰੀਤ ਸਿੰਘ ਇਆਲੀ ਨੇ ਦਿੱਤਾ ਅਸਤੀਫਾ

**ਚੰਡੀਗੜ੍ਹ, 20 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੂੰ ਉਸ ਸਮੇਂ ਵੱਡਾ ਝਟਕਾ ਲੱਗਿਆ ਜਦੋਂ ਮਨਪ੍ਰੀਤ ਸਿੰਘ ਇਆਲੀ ਵੱਲੋਂ ਅਸਤੀਫਾ ਦੇ ਦਿੱਤਾ ਗਿਆ। ਦੱਸ ਦਈਏ ਕਿ ਮਨਪ੍ਰੀਤ ਸਿੰਘ ਇਆਲੀ ਵੱਲੋਂ ਪਾਰਟੀ ਦੇ ਸਾਰੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ।



ਨਾਲ ਹੀ ਉਨ੍ਹਾਂ ਨੇ ਤਾਲਮੇਲ ਕਮੇਟੀ ਦੇ ਕਨਵੀਨਰ ਦੇ ਅਹੁਦੇ ਨੂੰ ਛੱਡ ਦਿੱਤਾ ਹੈ। ਇਸ ਸਬੰਧੀ ਉਨ੍ਹਾਂ ਵੱਲੋਂ ਸੋਸ਼ਲ ਮੀਡੀਆ 'ਤੇ ਲਾਈਵ ਹੋ ਕੇ ਜਾਣਕਾਰੀ ਸਾਂਝੀ ਕੀਤੀ ਹੈ। ਸੋਸ਼ਲ ਮੀਡੀਆ 'ਤੇ ਲਾਈਵ ਹੋ ਕੇ ਮਨਪ੍ਰੀਤ ਸਿੰਘ ਇਆਲੀ ਨੇ ਕਿਹਾ ਕਿ ਕਿਹਾ ਕਿ 2 ਦਸੰਬਰ ਦੇ ਹੁਕਮਨਾਮਾ ਸਾਹਿਬ ਅਨੁਸਾਰ ਨੈਤਿਕ ਅਧਿਕਾਰ ਗਵਾਉਣ ਵਾਲੀ ਲੀਡਰਸ਼ਿਪ ਦਾ ਪਿੱਛੇ ਨਾ ਹੋਣਾ ਤੇ ਪੰਥਕ ਏਕਤਾ ਟੁੱਟਣ ਦੇ ਕਾਰਨਾਂ ਕਰਕੇ ਮੈਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸਾਰੇ ਅਹੁਦਿਆਂ ਤੇ ਤਾਲਮੇਲ ਕਮੇਟੀ ਦੇ ਕਨਵੀਨਰ ਦੇ ਅਹੁਦੇ ਤੋਂ ਅਸਤੀਫਾ ਦਿੰਦਾ ਹਾਂ। ਉਨ੍ਹਾਂ ਨੇ ਇਹ ਵੀ ਕਿਹਾ ਕਿ ਭਵਿੱਖ ਵਿੱਚ ਕਦੇ ਵੀ ਬੀ.ਜੇ.ਪੀ, ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਤੇ ਆਮ ਆਦਮੀ ਪਾਰਟੀ ਦਾ ਹਿੱਸਾ ਨਹੀਂ ਬਣਾਂਗਾ। ਪੰਥ, ਪੰਜਾਬ, ਪੰਜਾਬੀਅਤ ਤੇ ਕੌਮ ਦੀ ਚੜ੍ਹਦੀ ਕਲਾ ਲਈ ਪੰਥਕ ਧਿਰ ਨਾਲ ਰਲ ਕੇ ਕੰਮ ਕਰਾਂਗਾ।

### ਬੇਅਦਬੀ ਖਿਲਾਫ਼ ਕਾਨੂੰਨ 'ਚ ਸੋਧਾਂ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੇ ਸਖਤ ਇਤਰਾਜ਼

# 31 ਮਈ ਨੂੰ ਸੱਦਿਆ ਪੰਥਕ ਸੰਮੇਲਨ

**ਅੰਮ੍ਰਿਤਸਰ, 20 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਕੀਤੀ ਗਈ ਪ੍ਰੈਸ ਕਾਨਫਰੰਸ ਦੌਰਾਨ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਨਾਲ ਸੰਬੰਧਿਤ ਕਾਨੂੰਨ ਵਿੱਚ ਕੀਤੀਆਂ ਸੋਧਾਂ 'ਤੇ ਗੰਭੀਰ ਇਤਰਾਜ਼ ਜਤਾਏ ਗਏ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਅਸੈਂਬਲੀ ਸੈਸ਼ਨ ਦੌਰਾਨ 2008 ਦੇ ਐਕਟ ਵਿੱਚ ਸੋਧਾਂ ਕੀਤੀਆਂ ਗਈਆਂ, ਪਰ ਇਸ ਮਾਮਲੇ 'ਚ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਕੋਈ ਯੋਗ ਸਲਾਹ-ਮਸ਼ਵਰਾ ਨਹੀਂ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਿੱਖ ਗੁਰਦੁਆਰਾ ਐਕਟ 1925 ਤਹਿਤ ਵਿਸ਼ੇਸ਼ ਅਧਿਕਾਰ ਹੈ ਅਤੇ ਧਾਰਮਿਕ ਮਾਮਲਿਆਂ 'ਚ



ਸਰਕਾਰ ਨੂੰ ਦਖ਼ਲ ਦੇਣ ਦੀ ਬਜਾਏ ਪਹਿਲਾਂ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਵਿਚਾਰ-ਵਟਾਂਦਰਾ ਕਰਨਾ ਚਾਹੀਦਾ ਸੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੂੰ ਬੇਅਦਬੀ ਲਈ ਸਖ਼ਤ ਸਜ਼ਾਵਾਂ 'ਤੇ ਕੋਈ ਇਤਰਾਜ਼ ਨਹੀਂ, ਬਲਕਿ ਕਮੇਟੀ ਇਸਦਾ ਸਵਾਗਤ ਕਰਦੀ ਹੈ, ਪਰ ਐਕਟ ਦੀਆਂ ਕੁਝ ਮਦਾਂ ਧਾਰਮਿਕ ਪ੍ਰਬੰਧਾਂ ਅਤੇ ਸ਼੍ਰੋਮਣੀ ਕਮੇਟੀ ਦੇ ਅਧਿਕਾਰਾਂ 'ਤੇ ਸਿੱਧਾ ਪ੍ਰਭਾਵ ਪਾਉਂਦੀਆਂ ਹਨ। ਉਨ੍ਹਾਂ ਖ਼ਾਸ ਤੌਰ 'ਤੇ "ਕਸਟੋਡੀਅਨ" ਅਤੇ ਸਰੂਪਾਂ ਦੀ ਜਾਣਕਾਰੀ ਵੈਬਸਾਈਟ 'ਤੇ ਜਨਤਕ ਕਰਨ ਵਾਲੀ ਮਦ 'ਤੇ ਸਵਾਲ ਚੁੱਕੇ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਕੋਲ ਪਹਿਲਾਂ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਦੀ ਸੰਭਾਲ ਅਤੇ ਰਿਕਾਰਡ ਲਈ ਪੂਰਾ ਆਧੁਨਿਕ ਸਿਸਟਮ ਮੌਜੂਦ ਹੈ। ਉਨ੍ਹਾਂ ਕਿਹਾ ਕਿ ਹਰ ਸਰੂਪ ਦੀ ਸੰਭਾਲ, ਗੁਰਦੁਆਰੇ ਦੀ ਜਾਂਚ, ਕੈਮਰੇ, ਅੱਗ ਬੁਝਾਊ ਪ੍ਰਬੰਧ ਅਤੇ ਗ੍ਰੰਥੀ ਸਿੰਘਾਂ ਦੀ ਪੁਸ਼ਟੀ ਤੋਂ ਬਾਅਦ ਹੀ ਸਰੂਪ ਦਿੱਤੇ ਜਾਂਦੇ ਹਨ। ਉਨ੍ਹਾਂ ਨੇ ਕਿਹਾ ਕਿ ਜੇਕਰ ਸਰੂਪਾਂ ਦੀ ਪੂਰੀ ਜਾਣਕਾਰੀ ਵੈਬਸਾਈਟ 'ਤੇ ਪਾ ਦਿੱਤੀ ਜਾਵੇ ਤਾਂ ਇਹ ਸੁਰੱਖਿਆ ਪੱਖੋਂ ਵੀ ਠੀਕ ਨਹੀਂ ਅਤੇ ਇਸ ਨਾਲ ਗੁਰੂ ਸਾਹਿਬ ਦੀ ਮਹਾਨਤਾ ਨੂੰ ਆਮ ਵਸਤੂ ਵਾਂਗ ਪੇਸ਼ ਕਰਨ ਵਾਲੀ ਸਥਿਤੀ ਬਣ ਸਕਦੀ ਹੈ। ਉਨ੍ਹਾਂ ਕਿਹਾ ਕਿ "ਸਿੱਖ ਰਹਿਤ ਮਰਿਆਦਾ" ਧਾਰਮਿਕ ਵਿਸ਼ਾ ਹੈ ਅਤੇ ਇਸ ਨਾਲ ਜੁੜੇ ਫੈਸਲੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅਧੀਨ ਆਉਂਦੇ ਹਨ, ਨਾ ਕਿ ਸਰਕਾਰੀ ਕਾਨੂੰਨੀ ਪ੍ਰਕਿਰਿਆ ਦੇ। ਪ੍ਰਧਾਨ ਨੇ ਦੱਸਿਆ ਕਿ ਇਸ ਮਾਮਲੇ ਨੂੰ ਲੈ ਕੇ ਪਹਿਲਾਂ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਮੀਟਿੰਗ ਕੀਤੀ ਗਈ ਸੀ, ਜਿਸ ਵਿੱਚ ਵੱਖ-ਵੱਖ ਸੰਪਰਦਾਵਾਂ, ਗੁਰਦੁਆਰਾ ਕਮੇਟੀਆਂ ਅਤੇ ਸਿੰਘ ਸਭਾਵਾਂ ਨੇ ਹਿੱਸਾ ਲਿਆ।

## 5 ਪਿਆਰਿਆਂ ਦੀ ਅਗਵਾਈ 'ਚ ਸ੍ਰੀ ਹੇਮਕੁੰਟ ਸਾਹਿਬ ਲਈ ਜਥਾ ਰਵਾਨਾ, 23 ਮਈ ਨੂੰ ਖੁੱਲ੍ਹਣਗੇ ਕਪਾਟ


**ਰਿਸ਼ੀਕੇਸ਼, 20 ਮਈ (ਆਵਾਜ਼ਿ ਕੌਮ ਬਿਊਰੋ)**-ਉੱਤਰਾਖੰਡ ਵਿਖੇ ਲਗਪਗ 15 ਹਜ਼ਾਰ ਫੁੱਟ ਦੀ ਉਚਾਈ 'ਤੇ ਸਥਿਤ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੀ 2026 ਦੀ ਸਾਲਾਨਾ ਯਾਤਰਾ 20 ਮਈ ਯਾਨੀ ਅੱਜ ਤੋਂ ਸ਼ੁਰੂ ਹੋ ਗਈ ਹੈ। ਦੱਸ ਦਈਏ ਕਿ ਗੁਰਦੁਆਰਾ ਸ੍ਰੀ ਰਿਸ਼ੀਕੇਸ਼ ਤੋਂ ਪੰਜ ਪਿਆਰਿਆਂ ਦੀ ਅਗਵਾਈ ਹੇਠ ਪਹਿਲਾਂ ਜਥਾ ਰਵਾਨਾ ਹੋ ਗਿਆ ਹੈ। ਜਦਕਿ ਸੰਗਤ ਲਈ ਗੁਰਦੁਆਰਾ ਸਾਹਿਬ ਦੇ ਕਪਾਟ ਸੰਗਤ ਵਾਸਤੇ 23 ਮਈ ਨੂੰ ਖ਼ਾਲਸਾਈ ਰਵਾਇਤਾਂ



ਮੁਤਾਬਕ ਖੋਲ੍ਹੇ ਜਾਣਗੇ। ਭਾਰਤੀ ਫ਼ੌਜ ਵੱਲੋਂ ਗੁਰਦੁਆਰਾ ਸਾਹਿਬ ਦੇ ਆਲੇ-ਦੁਆਲੇ ਅਤੇ ਰਸਤਿਆਂ ਵਿੱਚੋਂ ਬਰਫ਼ ਹਟਾਉਣ ਦਾ ਕੰਮ ਮੁਕੰਮਲ ਕਰ ਲਿਆ ਗਿਆ ਹੈ। ਦੱਸ ਦਈਏ ਕਿ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਮੈਨੇਜਮੈਂਟ ਟਰੱਸਟ ਦੇ ਪ੍ਰਧਾਨ ਨਰਿੰਦਰਜੀਤ ਸਿੰਘ ਬਿੰਦਰਾ ਨੇ ਦੱਸਿਆ ਸੀ ਕਿ ਇਹ ਯਾਤਰਾ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਪਹਿਲੇ ਜੱਥੇ ਦੇ ਰੂਪ ਵਿੱਚ ਰਿਸ਼ੀਕੇਸ਼ ਤੋਂ ਰਵਾਨਾ ਹੋਵੇਗੀ। ਇਸ ਸਬੰਧ ਵਿੱਚ ਟਰੱਸਟ ਵੱਲੋਂ ਗੁਰਦੁਆਰਾ ਰਿਸ਼ੀਕੇਸ਼ ਵਿਖੇ ਇੱਕ ਵੱਡਾ ਸਮਾਗਮ ਆਯੋਜਿਤ ਕੀਤਾ ਗਿਆ ਹੈ। ਮਿਲੀ ਜਾਣਕਾਰੀ ਮੁਤਾਬਿਕ ਇਹ ਸਮਾਗਮ ਸਵੇਰੇ 10:00 ਵਜੇ ਸ਼ੁਰੂ ਹੋਵੇਗਾ ਅਤੇ ਇਸ ਮੌਕੇ ਟਰੱਸਟ ਵੱਲੋਂ ਸਿੱਖ ਵਿਰਾਸਤ ਬਾਰੇ ਦੋ ਕਿਤਾਬਾਂ ਰਸਮੀ ਤੌਰ 'ਤੇ ਜਾਰੀ ਕੀਤੀਆਂ ਜਾਣਗੀਆਂ। ਇਹ ਕਿਤਾਬਾਂ ਸ਼ਰਧਾਲੂਆਂ ਦੇ ਅਧਿਆਤਮਿਕ ਅਤੇ ਇਤਿਹਾਸਕ ਗਿਆਨ ਨੂੰ ਵਧਾਉਣ ਦੇ ਉਦੇਸ਼ ਨਾਲ ਤਿਆਰ ਕੀਤੀਆਂ ਗਈਆਂ ਹਨ।

## ਵਿਜੀਲੈਂਸ ਨੇ ਪੀਐਸਪੀਸੀਐਲ ਦੇ ਸਾਬਕਾ ਸੀਐਮਡੀ ਕੇ.ਡੀ. ਚੌਧਰੀ ਸਮੇਤ 3 ਨੂੰ ਕੀਤਾ ਗ੍ਰਿਫ਼ਤਾਰ

**ਚੰਡੀਗੜ੍ਹ, 20 ਮਈ (ਆਵਾਜ਼ਿ ਕੌਮ ਬਿਊਰੋ)**-ਵਿਜੀਲੈਂਸ ਬਿਊਰੋ ਦੀ ਆਰਥਿਕ ਅਪਰਾਧ ਸ਼ਾਖਾ, ਲੁਧਿਆਣਾ ਨੇ ਪੀ.ਐਸ.ਪੀ.ਸੀ.ਐਲ. ਦੇ ਸਾਬਕਾ ਚੀਫ ਮੈਨੇਜਿੰਗ ਡਾਇਰੈਕਟਰ ਕੇ.ਡੀ. ਚੌਧਰੀ, ਸਾਬਕਾ ਸੀਨੀਅਰ ਐਕਸੀਅਨ ਸੰਜੀਵ ਪ੍ਰਭਾਕਰ ਅਤੇ ਮੈਸਰਜ਼ ਦਾਮਿਨੀ ਰਿਜ਼ੋਰਟ ਐਂਡ ਬਿਲਡਰਜ਼ ਪ੍ਰਾਈਵੇਟ ਲਿਮਟਿਡ, ਲੁਧਿਆਣਾ ਦੇ ਡਾਇਰੈਕਟਰ ਅਮਿਤ ਗਰਗ ਨੂੰ ਗ੍ਰਿਫ਼ਤਾਰ ਕੀਤਾ ਹੈ। ਉਕਤ ਵਿਅਕਤੀਆਂ ਵਿਰੁੱਧ ਵਿਜੀਲੈਂਸ ਜਾਂਚ ਨੰਬਰ 05, ਮਿਤੀ 10.05.2021 ਦੇ ਨਤੀਜਿਆਂ ਉਪਰੰਤ ਵਿਜੀਲੈਂਸ ਬਿਊਰੋ ਦੀ ਆਰਥਿਕ ਅਪਰਾਧ ਸ਼ਾਖਾ, ਲੁਧਿਆਣਾ ਵਿਖੇ ਕੇਸ ਦਰਜ ਕੀਤਾ ਗਿਆ ਹੈ। ਅੱਜ ਇੱਥੇ ਪੰਜਾਬ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਬਸੰਤ ਐਵੇਨਿਊ ਵਿੱਚ 66 ਕੇਵੀ ਸਬਸਟੇਸ਼ਨ ਸਥਾਪਤ ਕਰਨ ਸਬੰਧੀ, ਬਸੰਤ ਐਵੇਨਿਊ ਦੇ ਕਲੋਨਾਈਜ਼ਰ ਨੇ ਪੀਐਸਪੀਸੀਐਲ ਦੇ ਸਬੰਧਤ ਫੀਲਡ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਉਕਤ 66 ਕੇਵੀ



ਸਬਸਟੇਸ਼ਨ ਨੂੰ ਆਪਣੀ ਕਲੋਨੀ ਵਿੱਚ 1015 ਵਰਗ ਗਜ਼ ਖੇਤਰ ਵਿੱਚ ਲਗਵਾ ਲਿਆ। ਉਨ੍ਹਾਂ ਅੱਗੇ ਦੱਸਿਆ ਕਿ ਜੇਕਰ ਤਤਕਾਲੀ ਉੱਚ ਅਧਿਕਾਰੀਆਂ ਵੱਲੋਂ ਫੀਲਡ ਅਧਿਕਾਰੀਆਂ ਨੂੰ ਕਲੋਨਾਈਜ਼ਰ ਦੀਆਂ ਸਾਰੀਆਂ ਕਲੋਨੀਆਂ ਦੀ ਐਨਓਸੀ ਦੀ ਤਸਦੀਕ ਕਰਨ ਦੇ ਨਿਰਦੇਸ਼ ਦਿੱਤੇ ਹੁੰਦੇ ਅਤੇ ਕਿਉਂਕਿ ਕਲੋਨੀਆਂ ਆਪਸ ਵਿੱਚ ਜੁੜੀਆਂ ਹੁੰਦੀਆਂ ਹਨ ਅਤੇ ਨਾਲ-ਨਾਲ ਸਥਿਤ ਹੁੰਦੀਆਂ ਹਨ, ਇਸ ਲਈ ਬਿਜਲੀ ਦੇ ਸਾਰੇ ਲੋਡ ਦਾ ਹਿਸਾਬ ਇਕੱਠੇ ਲਗਾਇਆ ਜਾਂਦਾ, ਤਾਂ 66 ਕੇਵੀ ਸਬ-ਸਟੇਸ਼ਨ ਸਥਾਪਤ ਕਰਨ ਦੀ ਸਾਰੀ ਲਾਗਤ ਕਲੋਨਾਈਜ਼ਰ ਵੱਲੋਂ ਸਹਿਣ ਕੀਤੀ ਜਾਂਦੀ। ਉਨ੍ਹਾਂ ਅੱਗੇ ਦੱਸਿਆ ਕਿ ਇਸ ਦੇ ਚਲਦਿਆਂ ਬਿਜਲੀ ਮੰਤਰਾਲੇ ਵੱਲੋਂ ਸਬ-ਸਟੇਸ਼ਨ ਲਗਾਉਣ ਸਬੰਧੀ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਨਹੀਂ ਕੀਤੀ ਗਈ। ਉਕਤ 66 ਕੇਵੀ ਬਸੰਤ ਐਵੇਨਿਊ ਸਬਸਟੇਸ਼ਨ ਤੱਕ ਜਾਣ ਲਈ ਕੋਈ ਪੱਕੀ ਸੜਕ ਨਾ ਹੋਣ ਅਤੇ ਇਸ ਦੇ ਪੱਖੋਵਾਲ ਲਿੰਕ ਰੋਡ ਤੋਂ ਲਗਭਗ 3 ਕਿਲੋਮੀਟਰ ਦੂਰ ਖੇਤਾਂ ਵਿੱਚ ਸਥਿਤ ਹੋਣ ਬਾਰੇ ਵੀ ਕੋਈ ਵੀ ਜ਼ਿਕਰ, ਬਿਜਲੀ ਵਿਭਾਗ ਦੇ ਉੱਚ ਅਧਿਕਾਰੀਆਂ ਅਤੇ ਚੀਫ ਮੈਨੇਜਿੰਗ ਡਾਇਰੈਕਟਰ ਵੱਲੋਂ ਪ੍ਰਸਤਾਵ ਵਿੱਚ ਜਾਂ ਬਾਅਦ ਵਿੱਚ ਕਿਸੇ ਵੀ ਦਫ਼ਤਰ ਵਿੱਚ ਨਹੀਂ ਕੀਤਾ ਗਿਆ ਸੀ। ਇਸ ਲਈ ਹੁਣ ਵੀ ਉਕਤ 66 ਕੇਵੀ ਬਸੰਤ ਐਵੇਨਿਊ ਸਬ-ਸਟੇਸ਼ਨ ਅਣਵਿਕਸਿਤ ਕਲੋਨੀਆਂ ਅਤੇ ਖੇਤਾਂ ਵਿੱਚ ਸਥਿਤ ਹੈ। ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸਬਸਟੇਸ਼ਨ ਤੱਕ ਪਹੁੰਚਣ ਲਈ ਕੋਈ ਪੱਕੀ ਸੜਕ ਨਹੀਂ ਹੈ। ਤਤਕਾਲੀ ਐਕਸੀਅਨ ਸੰਜੀਵ ਪ੍ਰਭਾਕਰ ਅਤੇ ਫੀਲਡ ਵਿੱਚ ਤਾਇਨਾਤ ਤਤਕਾਲੀ ਹੋਰ ਸੀਨੀਅਰ ਅਧਿਕਾਰੀਆਂ ਵੱਲੋਂ 66 ਕੇਵੀਐਚ ਸਬਸਟੇਸ਼ਨ ਬਸੰਤ ਐਵੇਨਿਊ ਸਥਾਪਤ ਕਰਨ ਸਬੰਧੀ ਭੇਜੇ ਗਏ ਪ੍ਰਸਤਾਵ ਨੂੰ ਤਤਕਾਲੀ ਚੀਫ ਮੈਨੇਜਿੰਗ ਡਾਇਰੈਕਟਰ ਕੇ.ਡੀ. ਚੌਧਰੀ ਨੇ ਮਨਜ਼ੂਰੀ ਦੇ ਦਿੱਤੀ ਸੀ, ਜਿਸ ਵਿੱਚ ਉਕਤ ਸਬ-ਸਟੇਸ਼ਨ ਦੀ ਸਥਾਪਨਾ ਸਬੰਧੀ ਕਮੀਆਂ ਅਤੇ ਟਿੱਪਣੀਆਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਸੀ, ਜਿਸ ਕਾਰਨ ਬਸੰਤ ਐਵੇਨਿਊ ਕਲੋਨੀ ਨੂੰ ਸਿੱਧਾ ਲਾਭ ਹੋਇਆ। ਮੁਲਜ਼ਮ ਕੇ.ਡੀ. ਚੌਧਰੀ, ਸੰਜੀਵ ਪ੍ਰਭਾਕਰ ਅਤੇ ਅਮਿਤ ਗਰਗ ਨੂੰ ਗ੍ਰਿਫ਼ਤਾਰ ਕਰਕੇ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ।

## 60 ਦਿਨ ਜਾਂ ਫਿਰ ਦੇਸ਼ ਛੱਡੋ ! ਅਮਰੀਕਾ 'ਚ ਭਾਰਤੀ ਟੈੱਕ ਮਾਹਿਰਾਂ 'ਤੇ ਲਟਕੀ ਤਲਵਾਰ

**ਵਾਸ਼ਿੰਗਟਨ, 20 ਮਈ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਵਿੱਚ ਰਹਿ ਰਹੇ ਹਜ਼ਾਰਾਂ ਭਾਰਤੀ ਆਈ.ਟੀ. (IT) ਪੇਸ਼ੇਵਰਾਂ ਲਈ ਆਉਣ ਵਾਲੇ ਕੁਝ ਮਹੀਨੇ ਬਹੁਤ ਹੀ ਚੁਣੌਤੀਪੂਰਨ ਸਾਬਤ ਹੋਣ ਵਾਲੇ ਹਨ। ਮੇਟਾ, ਐਮਾਜ਼ਾਨ ਅਤੇ ਓਰੇਕਲ ਵਰਗੀਆਂ ਵੱਡੀਆਂ ਟੈੱਕ ਕੰਪਨੀਆਂ ਵਿੱਚ ਚੱਲ ਰਹੀ ਛਾਂਟੀ ਕਾਰਨ ਐਚ-1ਬੀ ਵੀਜ਼ਾ 'ਤੇ ਰਹਿ ਰਹੇ ਭਾਰਤੀਆਂ ਦੇ ਸਿਰ 'ਤੇ ਦੇਸ਼ ਨਿਕਾਲੇ ਦੀ ਤਲਵਾਰ ਲਟਕ ਗਈ ਹੈ। ਅਮਰੀਕੀ ਇਮੀਗ੍ਰੇਸ਼ਨ ਨਿਯਮਾਂ ਅਨੁਸਾਰ ਨੌਕਰੀ ਜਾਣ ਤੋਂ ਬਾਅਦ ਇਹਨਾਂ ਕਰਮਚਾਰੀਆਂ ਕੋਲ ਨਵਾਂ ਸਪਾਂਸਰ ਲੱਭਣ ਲਈ ਸਿਰਫ਼ 60 ਦਿਨਾਂ ਦਾ ਸਮਾਂ ਹੁੰਦਾ ਹੈ, ਜਿਸ ਵਿੱਚ ਅਸਫਲ ਰਹਿਣ 'ਤੇ ਉਨ੍ਹਾਂ ਨੂੰ ਅਮਰੀਕਾ ਛੱਡਣਾ ਪਵੇਗਾ।




ਸਾਲ 2026 ਵਿੱਚ ਹੁਣ ਤੱਕ 144 ਟੈੱਕ ਕੰਪਨੀਆਂ ਨੇ 1,10,000 ਤੋਂ ਵੱਧ ਕਰਮਚਾਰੀਆਂ ਨੂੰ ਨੌਕਰੀਓਂ ਕੱਢ ਦਿੱਤਾ ਹੈ। ਇਹਨਾਂ ਵਿੱਚੋਂ ਹਜ਼ਾਰਾਂ ਭਾਰਤੀ ਐਚ-1ਬੀ ਵੀਜ਼ਾ ਧਾਰਕ ਹੋਣ ਦਾ ਅੰਦਾਜ਼ਾ ਹੈ। ਵਾਧੂ ਸਮਾਂ ਲੈਣ ਲਈ ਕਈ ਭਾਰਤੀ ਕਰਮਚਾਰੀ ਹੁਣ ਅਸਥਾਈ ਤੌਰ 'ਤੇ 2-2 ਵਿਜ਼ਿਟਰ ਵੀਜ਼ਾ ਵਿੱਚ ਬਦਲਣ ਦੀ ਕੋਸ਼ਿਸ਼ ਕਰ ਰਹੇ ਹਨ, ਪਰ ਇਮੀਗ੍ਰੇਸ਼ਨ ਵਿਭਾਗ ਹੁਣ ਵਾਧੂ ਕਾਗਜ਼ੀ ਕਾਰਵਾਈ ਦੀ ਮੰਗ ਕਰ ਰਿਹਾ ਹੈ ਅਤੇ ਅਰਜ਼ੀਆਂ ਰੱਦ ਹੋਣ ਦੀ ਦਰ ਵੀ ਵਧ ਗਈ ਹੈ।

ਹਜ਼ਾਰਾਂ ਭਾਰਤੀ ਪਿਛਲੇ ਇੱਕ ਦਹਾਕੇ ਤੋਂ ਅਮਰੀਕਾ ਵਿੱਚ ਰਹਿ ਰਹੇ ਹਨ ਅਤੇ ਗ੍ਰੀਨ ਕਾਰਡ ਦੀ ਲੰਬੀ ਉਡੀਕ ਸੂਚੀ ਵਿੱਚ ਹਨ। ਛਾਂਟੀ ਕਾਰਨ ਹੁਣ ਉਨ੍ਹਾਂ ਦੇ ਪੱਕੇ ਹੋਣ ਦੇ ਸੁਪਨੇ ਨੂੰ ਵੱਡਾ ਝਟਕਾ ਲੱਗਾ ਹੈ। ਇਹ ਸੰਕਟ ਸਿਰਫ਼ ਨੌਕਰੀ ਖੁੱਸਣ ਤੱਕ ਸੀਮਤ ਨਹੀਂ ਹੈ। ਕਈ ਭਾਰਤੀ ਪੇਸ਼ੇਵਰਾਂ ਦੇ ਬੱਚੇ ਅਮਰੀਕਾ ਵਿੱਚ ਪੈਦਾ ਹੋਏ ਹਨ ਅਤੇ ਉਨ੍ਹਾਂ ਦੇ ਪਰਿਵਾਰ ਉੱਥੇ ਪੂਰੀ ਤਰ੍ਹਾਂ ਸੈਟਲ ਹਨ। ਮਾਹਿਰਾਂ ਅਨੁਸਾਰ ਭਾਰਤੀ ਐਚ-1ਬੀ ਧਾਰਕ ਇਸ ਸਥਿਤੀ ਨੂੰ ਸਭ ਤੋਂ ਵੱਧ ਮਹਿਸੂਸ ਕਰ ਰਹੇ ਹਨ ਕਿਉਂਕਿ ਉਨ੍ਹਾਂ ਕੋਲ ਅੱਗੇ ਜਾਣ ਲਈ ਰਸਤੇ ਬੰਦ ਹੁੰਦੇ ਜਾ ਰਹੇ ਹਨ।

ਮੌਜੂਦਾ ਹਾਲਾਤ ਨੂੰ ਦੇਖਦਿਆਂ ਹੁਣ ਕਈ ਭਾਰਤੀ ਅਮਰੀਕਾ ਛੱਡ ਕੇ ਕੈਨੇਡਾ ਜਾਂ ਯੂਰਪ ਜਾਣ ਬਾਰੇ ਗੰਭੀਰਤਾ ਨਾਲ ਸੋਚ ਰਹੇ ਹਨ। ਕੈਨੇਡਾ ਦੇ 'ਐਕਸਪ੍ਰੈਸ ਐਂਟਰੀ' ਅਤੇ 'ਗਲੋਬਲ ਟੈਲੇਂਟ ਸਟ੍ਰੀਮ' ਵਰਗੇ ਪ੍ਰੋਗਰਾਮ ਭਾਰਤੀਆਂ ਲਈ ਖਿੱਚ ਦਾ ਕੇਂਦਰ ਬਣ ਰਹੇ ਹਨ। ਮਾਰਕ ਜ਼ੁਕਰਬਰਗ ਦੀ ਕੰਪਨੀ ਮੇਟਾ ਹੁਣ ਆਰਟੀਫੀਸ਼ੀਅਲ ਇੰਟੈਲੀਜੈਂਸ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ, ਜਿਸ ਕਾਰਨ ਇੰਜੀਨੀਅਰਿੰਗ ਅਤੇ ਪ੍ਰੋਡਕਟ ਵਿਭਾਗਾਂ ਵਿੱਚ ਹੋਰ ਛਾਂਟੀ ਹੋਣ ਦੀ ਸੰਭਾਵਨਾ ਹੈ। ਇਸ ਕਾਰਨ ਐਚ-1ਬੀ ਵੀਜ਼ਾ ਧਾਰਕਾਂ ਵਿੱਚ ਚਿੰਤਾ ਹੋਰ ਵੀ ਵਧ ਗਈ ਹੈ।

## ਯੋਗਰਾਜ ਸਿੰਘ ਦੀ ਅਗਾਊਂ ਜ਼ਮਾਨਤ 'ਤੇ ਸੁਣਵਾਈ ਟਲੀ , ਮਹਿਲਾਵਾਂ ਲਈ ਅਪਮਾਨਜਨਕ ਸ਼ਬਦ ਵਰਤਣ ਦਾ ਆਰੋਪ

**ਚੰਡੀਗੜ੍ਹ, 20 ਮਈ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਕ੍ਰਿਕਟਰ ਯੁਵਰਾਜ ਸਿੰਘ ਦੇ ਪਿਤਾ ਅਤੇ ਅਦਾਕਾਰ ਯੋਗਰਾਜ ਸਿੰਘ ਵੱਲੋਂ ਚੰਡੀਗੜ੍ਹ ਜ਼ਿਲ੍ਹਾ ਅਦਾਲਤ ਵਿੱਚ ਦਾਇਰ ਅਗਾਊਂ ਜ਼ਮਾਨਤ ਅਰਜ਼ੀ 'ਤੇ ਅੱਜ ਸੁਣਵਾਈ ਨਹੀਂ ਹੋ ਸਕੀ। ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ 26 ਮਈ ਨੂੰ ਹੋਵੇਗੀ। ਇਸੇ ਦੌਰਾਨ ਚੰਡੀਗੜ੍ਹ ਵਿੱਚ ਦਰਜ FIR ਵਿੱਚ ਪੁਲਿਸ ਦੀ ਲਾਪਰਵਾਹੀ ਵੀ ਸਾਹਮਣੇ ਆਈ



ਸੀ। ਸੈਕਟਰ-36 ਥਾਣਾ ਪੁਲਿਸ ਨੇ ਯੋਗਰਾਜ ਸਿੰਘ ਦੇ ਪਤੇ ਦੀ ਥਾਂ ਪੰਜਾਬ ਮਹਿਲਾ ਕਮਿਸ਼ਨ ਦਾ ਪਤਾ ਲਿਖ ਦਿੱਤਾ ਸੀ, ਜਿਸ ਤੋਂ ਬਾਅਦ ਪੁਲਿਸ ਨੇ ਆਪਣੀ ਗਲਤੀ ਸੁਧਾਰੀ। ਚੰਡੀਗੜ੍ਹ ਦੇ ਦੋ ਵਕੀਲਾਂ ਨੇ ਯੋਗਰਾਜ ਸਿੰਘ ਖ਼ਿਲਾਫ਼ ਪੁਲਿਸ ਨੂੰ ਸ਼ਿਕਾਇਤ ਦਿੱਤੀ ਸੀ। ਸ਼ਿਕਾਇਤ ਦਾ ਆਧਾਰ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਇੱਕ ਵੀਡੀਓ ਕਲਿੱਪ ਨੂੰ ਬਣਾਇਆ ਗਿਆ ਹੈ। ਆਰੋਪ ਹੈ ਕਿ ਇਸ ਕਲਿੱਪ ਵਿੱਚ ਮਹਿਲਾਵਾਂ ਬਾਰੇ ਅਪਮਾਨਜਨਕ ਸ਼ਬਦ ਵਰਤੇ ਗਏ ਹਨ। ਇਹ ਵੀਡੀਓ ਕਲਿੱਪ 8 ਮਈ, 2026 ਨੂੰ ਐਮਾਜ਼ਾਨ ਪ੍ਰਾਈਮ ਵੀਡੀਓ 'ਤੇ ਰਿਲੀਜ਼ ਹੋਈ ਹਿੰਦੀ ਵੈੱਬ ਸੀਰੀਜ਼ ਲੁਖੇ ਦੇ ਇੱਕ ਐਪੀਸੋਡ ਤੋਂ ਲਈ ਗਈ ਹੈ। ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਖਜ਼ਾਨਚੀ ਐਡਵੋਕੇਟ ਉੱਜਵਲ ਭਸੀਨ ਅਤੇ ਜਤਿਨ ਵਰਮਾ ਨੇ 12 ਮਈ ਨੂੰ SSP ਨੂੰ ਸ਼ਿਕਾਇਤ ਭੇਜੀ ਸੀ। ਉਨ੍ਹਾਂ ਦਾ ਕਹਿਣਾ ਹੈ ਕਿ 17 ਸਕਿੰਟ ਦੀ ਵਾਇਰਲ ਵੀਡੀਓ ਵਿੱਚ ਮਹਿਲਾਵਾਂ ਲਈ ਸ਼ਰਮਨਾਕ ਅਤੇ ਅਪਮਾਨਜਨਕ ਭਾਸ਼ਾ ਵਰਤੀ ਗਈ ਹੈ। ਬੋਲੇ ਜਾ ਰਹੇ ਸ਼ਬਦ ਸਕ੍ਰੀਨ 'ਤੇ ਸਾਫ਼ ਦਿਖਾਈ ਦੇ ਰਹੇ ਹਨ। ਸ਼ਿਕਾਇਤ ਵਿੱਚ ਕਿਹਾ ਗਿਆ ਕਿ ਇਸ ਤਰ੍ਹਾਂ ਦੀ ਭਾਸ਼ਾ ਮਾਵਾਂ, ਭੈਣਾਂ, ਧੀਆਂ ਅਤੇ ਹਰ ਮਹਿਲਾ ਦੀ ਇੱਜ਼ਤ ਅਤੇ ਸਨਮਾਨ 'ਤੇ ਸਿੱਧਾ ਹਮਲਾ ਹੈ। ਯੋਗਰਾਜ ਸਿੰਘ ਵਰਗੇ ਪ੍ਰਭਾਵਸ਼ਾਲੀ ਵਿਅਕਤੀ ਦੁਆਰਾ ਅਜਿਹੀ ਭਾਸ਼ਾ ਦੀ ਵਰਤੋਂ ਕੀਤੀ ਗਈ ਹੈ। ਵਕੀਲਾਂ ਨੇ ਮੰਗ ਕੀਤੀ ਹੈ ਕਿ ਯੋਗਰਾਜ ਸਿੰਘ ਅਤੇ ਹੋਰ ਸੰਬੰਧਤ ਲੋਕਾਂ ਖ਼ਿਲਾਫ਼ ਤੁਰੰਤ FIR ਦਰਜ ਕਰਕੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਸ਼ਿਕਾਇਤ ਵਿੱਚ ਕਿਹਾ ਗਿਆ ਕਿ ਇੱਕ ਮਸ਼ਹੂਰ ਹਸਤੀ ਵੱਲੋਂ ਇਸ ਤਰ੍ਹਾਂ ਦੇ ਬਿਆਨ ਸਮਾਜ ਵਿੱਚ ਮਹਿਲਾਵਾਂ ਪ੍ਰਤੀ ਨਫ਼ਰਤ ਵਾਲੀ ਸੋਚ ਨੂੰ ਵਧਾਉਂਦੇ ਹਨ ਅਤੇ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਂਦੇ ਹਨ। ਵੈੱਬ ਸੀਰੀਜ਼ Lukkhe ਵਿੱਚ ਯੋਗਰਾਜ ਸਿੰਘ ਦਾ ਕਿਰਦਾਰ "ਵਾਲੀਆ ਸਾਹਿਬ" ਪੁਲਿਸ ਸਟੇਸ਼ਨ ਵਿੱਚ ਨਜ਼ਰ ਆਉਂਦਾ ਹੈ।

## ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ
### ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ



# ਸ਼ਬਦ ਕੀਰਤਨ ਅਤੇ ਕਥਾ ਸਮਾਗਮ



**1 ਮਈ ਤੋਂ 31 ਮਈ 2026 ਤੱਕ** ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਆਵਾਜ਼ਿ ਕੌਮ AWAZE QAUM International Newspaper & WEB TV

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

- 1 ਮਈ ਸ਼ੁੱਕਰਵਾਰ — ਜਬੋਵਾਲ — ਸ਼ਾਮ 6 ਤੋਂ 8 ਵਜੇ ਤੱਕ
- 2 ਮਈ ਸ਼ਨੀਵਾਰ — ਹਯਾਤ (ਗੁਰਦਾਸਪੁਰ) — ਸ਼ਾਮ 6 ਤੋਂ 8 ਵਜੇ ਤੱਕ
- 3 ਮਈ ਐਤਵਾਰ — ਗੁ: ਸੰਗਤਪੁਰਾ ਬਬਵਾਲਾ ਗੁਰਦਾਸਪੁਰ — ਸ਼ਾਮ 6 ਤੋਂ 8 ਵਜੇ ਤੱਕ
- 4 ਮਈ ਸੋਮਵਾਰ — ਕਾਹਲਵਾਂ — ਸ਼ਾਮ 6 ਤੋਂ 8 ਵਜੇ ਤੱਕ
- 5 ਮਈ ਮੰਗਲਵਾਰ — ਗੁ: ਭਗਤਾਂ ਦਾ ਡੇਰਾ ਤਰਸਿੱਕਾ — ਸਵੇਰੇ 12 ਤੋਂ 2 ਵਜੇ ਤੱਕ | ਨਿੱਕੇ ਘੁੰਮਣ — ਸ਼ਾਮ 6 ਤੋਂ 8 ਵਜੇ ਤੱਕ
- 6 ਮਈ ਬੁੱਧਵਾਰ — ਚੋਣੇ — ਸ਼ਾਮ 6 ਤੋਂ 8 ਵਜੇ ਤੱਕ
- 7 ਮਈ ਵੀਰਵਾਰ — ਮੁਰਾਦਪੁਰ — ਸ਼ਾਮ 6 ਤੋਂ 8 ਵਜੇ ਤੱਕ
- 8 ਮਈ ਸ਼ੁੱਕਰਵਾਰ — ਚੂੰਗ (ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇੰਟਰਨੈਸ਼ਨਲ ਪਬਲਿਕ ਸਕੂਲ) — ਸ਼ਾਮ 6 ਤੋਂ 8 ਵਜੇ ਤੱਕ
- 9 ਮਈ ਸ਼ਨੀਵਾਰ — ਅਬਦਾਲ, ਗੁ: ਸੰਤ ਬਾਬਾ ਅੱਲ੍ਹਾ ਸਿੰਘ ਜੀ — ਸ਼ਾਮ 6 ਤੋਂ 8 ਵਜੇ ਤੱਕ
- 10 ਮਈ ਐਤਵਾਰ — ਗੁਰੂ ਕੀ ਬੇਰ ਸਾਹਿਬ ਮੱਤੇਵਾਲ — ਸ਼ਾਮ 6 ਤੋਂ 8 ਵਜੇ ਤੱਕ
- 11 ਮਈ ਸੋਮਵਾਰ — ਲੀਲ ਕਲਾਂ — ਸ਼ਾਮ 6 ਤੋਂ 8 ਵਜੇ ਤੱਕ
- 12 ਮਈ ਮੰਗਲਵਾਰ — ਭਲਾਈਪੁਰ ਪੂਰਬਾਂ — ਸ਼ਾਮ 6 ਤੋਂ 8 ਵਜੇ ਤੱਕ
- 13 ਮਈ ਬੁੱਧਵਾਰ — ਖਲੈਹਿਰਾ — ਸ਼ਾਮ 6 ਤੋਂ 8 ਵਜੇ ਤੱਕ
- 14 ਮਈ ਵੀਰਵਾਰ — ਜਫਰਵਾਲ — ਸ਼ਾਮ 6 ਤੋਂ 8 ਵਜੇ ਤੱਕ
- 15 ਮਈ ਸ਼ੁੱਕਰਵਾਰ — ਲਾਲਪੁਰਾ (ਗੁਰਦਾਸਪੁਰ) — ਸ਼ਾਮ 6 ਤੋਂ 8 ਵਜੇ ਤੱਕ
- 16 ਮਈ ਸ਼ਨੀਵਾਰ — ਗੁ: ਸਿੰਘ ਸਭਾ (ਸ਼ਾਸਤਰੀ ਨਗਰ ਕਾਹਨੂੰਵਾਲ ਰੋਡ, ਬਟਾਲਾ) — ਸ਼ਾਮ 6 ਤੋਂ 8 ਵਜੇ ਤੱਕ
- 17 ਮਈ ਐਤਵਾਰ — ਗੜ੍ਹੀ ਗੁਰਦਾਸ ਨੰਗਲ, ਗੁ: ਗ੍ਰਿਫਤਾਰੀ ਸਾਹਿਬ — ਸ਼ਾਮ 6 ਤੋਂ 8 ਵਜੇ ਤੱਕ
- 18 ਮਈ ਸੋਮਵਾਰ — ਝਲਾੜੀ — ਸ਼ਾਮ 6 ਤੋਂ 8 ਵਜੇ ਤੱਕ
- 19 ਮਈ ਮੰਗਲਵਾਰ — ਗੱਗੜਭਾਣਾ — ਸ਼ਾਮ 6 ਤੋਂ 8 ਵਜੇ ਤੱਕ
- 20 ਮਈ ਬੁੱਧਵਾਰ — ਧਰਦਿਓ — ਸ਼ਾਮ 6 ਤੋਂ 8 ਵਜੇ ਤੱਕ
- 21 ਮਈ ਵੀਰਵਾਰ — ਵੀਲਾ / ਮੀਕੇ — ਸ਼ਾਮ 6 ਤੋਂ 8 ਵਜੇ ਤੱਕ
- 22 ਮਈ ਸ਼ੁੱਕਰਵਾਰ — ਸਿਆਲਕਾ — ਸ਼ਾਮ 6 ਤੋਂ 8 ਵਜੇ ਤੱਕ
- 23 ਮਈ ਸ਼ਨੀਵਾਰ — ਖੱਬੇਰਾਜਪੂਤਾਂ — ਸ਼ਾਮ 6 ਤੋਂ 8 ਵਜੇ ਤੱਕ
- 24 ਮਈ ਐਤਵਾਰ — ਜਲਾਲ ਉਸਮਾਂ — ਸ਼ਾਮ 6 ਤੋਂ 8 ਵਜੇ ਤੱਕ
- 25 ਮਈ ਸੋਮਵਾਰ — ਸਹਾਇਪੁਰ — ਸ਼ਾਮ 6 ਤੋਂ 8 ਵਜੇ ਤੱਕ
- 26 ਮਈ ਮੰਗਲਵਾਰ — ਜੇਠੂਵਾਲ — ਸ਼ਾਮ 6 ਤੋਂ 8 ਵਜੇ ਤੱਕ
- 27 ਮਈ ਬੁੱਧਵਾਰ — ਬੁਤਾਲਾ (ਨਿਪਸ ਸਕੂਲ) — ਸ਼ਾਮ 6 ਤੋਂ 8 ਵਜੇ ਤੱਕ
- 28 ਮਈ ਵੀਰਵਾਰ — ਗੁ: ਰਾਮ ਥੰਮਣ — ਸ਼ਾਮ 6 ਤੋਂ 8 ਵਜੇ ਤੱਕ
- 29 ਮਈ ਸ਼ੁੱਕਰਵਾਰ — ਸਠਿਆਲਾ — ਸ਼ਾਮ 6 ਤੋਂ 8 ਵਜੇ ਤੱਕ
- 30 ਮਈ ਸ਼ਨੀਵਾਰ — ਮਹਿਸਮਪੁਰ (ਬਾਬਾ ਦੀਪ ਸਿੰਘ ਸਕੂਲ) — ਸ਼ਾਮ 6 ਤੋਂ 8 ਵਜੇ ਤੱਕ
- 31 ਮਈ ਐਤਵਾਰ — ਮਹਿਤਾ ਚੌਂਕ — ਸ਼ਾਮ 6 ਤੋਂ 8 ਵਜੇ ਤੱਕ

1-2-3-4-5 ਜੂਨ 2026 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2026, ਸ਼ਨੀਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

**ਸੰਪਰਕ: 99158-00904, 97793-10040, 98158-14158, 84376-91626**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਪੰਥਕ ਸ਼ਬਦੁ ਸਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I

Contact :
+447458381111
+447976210161
+919729091243



ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

## ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ | ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ

ਸੰਪਰਕ ਨੰਬਰ 84278-66404

ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿੱਲੋਂ, ਜ: ਮਹਿਤਾਬ ਸਿੰਘ ਵਿੱਲੋਂ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV








# 2 ਜੂਨ ਨੂੰ ਪਿੰਡ ਰੋਡੇ ਪੁੱਜੋ

--✶ ਬੇਨਤੀ ਕਰਤਾ ✶--

## ਸੰਤ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ, ਭਿੰਡਰਾਂਵਾਲੇ

ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)

# ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ 2 ਜੂਨ ਨੂੰ ਮਨਾਏ ਜਾ ਰਹੇ ਜਨਮ ਦਿਹਾੜੇ ਦੀਆਂ ਤਿਆਰੀਆਂ ਜ਼ੋਰਾਂ 'ਤੇ

**ਜਲੰਧਰ, 16 ਮਈ (ਆਵਾਜ਼ਿ ਕੌਮ ਬਿਊਰੋ)**-ਉੱਤਰੀ ਭਾਰਤ ਵਿੱਚ ਭਿਆਨਕ ਗਰਮੀ ਵਾਲੇ ਮਾਹੌਲ ਦੇ ਬਾਵਜੂਦ ਵੀਹਵੀਂ ਸਦੀ ਦੇ ਮਹਾਨ ਜਰਨੈਲ ਅਤੇ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ 2 ਜੂਨ ਨੂੰ ਮਨਾਏ ਜਾ ਰਹੇ ਜਨਮ ਦਿਹਾੜੇ ਦੀਆਂ ਤਿਆਰੀਆਂ ਪੂਰੇ ਉਤਸ਼ਾਹ ਅਤੇ ਜ਼ੋਰ-ਸ਼ੋਰ ਨਾਲ ਜਾਰੀ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇੰਟਰਨੈਸ਼ਨਲ ਪੰਥਕ ਦਲ ਪੰਜਾਬ ਦੇ ਮੁੱਖ ਬੁਲਾਰੇ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਂਵਾਲਿਆਂ ਨੇ ਦੱਸਿਆ ਕਿ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ ਦੀ ਅਗਵਾਈ ਹੇਠ ਸੰਤਾਂ ਦੇ ਜਨਮ ਦਿਹਾੜੇ ਸਬੰਧੀ ਸਮਾਗਮ ਦੀਆਂ ਤਿਆਰੀਆਂ ਨੂੰ ਲੈ ਕੇ ਦਿਨ-ਰਾਤ ਵੱਖ-ਵੱਖ ਪੰਥਕ ਸ਼ਖਸੀਅਤਾਂ, ਸੰਤਾਂ-ਮਹਾਂਪੁਰਸ਼ਾਂ ਅਤੇ ਸੰਗਤਾਂ ਨਾਲ ਰਾਬਤਾ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਅਤੇ ਦੇਸ਼-ਵਿਦੇਸ਼ ਵਿੱਚ ਸਰਗਰਮ ਆਗੂ ਆਪੋ-ਆਪਣੇ ਇਲਾਕਿਆਂ ਵਿੱਚ ਸੰਗਤਾਂ ਨੂੰ 2 ਜੂਨ ਨੂੰ ਪਿੰਡ ਰੋਡੇ ਵਿਖੇ ਸਥਿਤ ਗੁਰਦੁਆਰਾ ਸੰਤ ਖਾਲਸਾ ਵਿਖੇ ਪਹੁੰਚਣ ਲਈ ਸੱਦਾ ਪੱਤਰ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਵਾਰ ਵੀ ਵੱਡੀ ਗਿਣਤੀ ਵਿੱਚ ਸੰਗਤਾਂ ਦੇ ਪਹੁੰਚਣ ਦੀ ਸੰਭਾਵਨਾ ਹੈ, ਜਿਸ ਨੂੰ ਧਿਆਨ ਵਿੱਚ ਰੱਖਦਿਆਂ ਪ੍ਰਬੰਧਾਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ। ਸੰਤ ਜੱਸੋਵਾਲ ਨੇ ਦੱਸਿਆ ਕਿ ਪਿੰਡ ਰੋਡੇ ਵਿਖੇ ਪਹੁੰਚ ਰਹੀਆਂ ਸੰਗਤਾਂ ਦੀ ਸਹੂਲਤ ਲਈ ਥਾਂ-ਥਾਂ ਠੰਢੇ ਮਿੱਠੇ ਜਲ ਦੀਆਂ ਛਬੀਲਾਂ, ਲੰਗਰਾਂ ਅਤੇ ਹੋਰ ਸੇਵਾਵਾਂ ਲਈ ਵੱਖ-ਵੱਖ ਸੰਸਥਾਵਾਂ ਅਤੇ ਸੇਵਾਦਾਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਇਸ ਤੋਂ ਇਲਾਵਾ ਸੰਗਤਾਂ ਦੀਆਂ ਗੱਡੀਆਂ ਅਤੇ ਮੋਟਰਾਂ ਦੀ ਪਾਰਕਿੰਗ, ਬੈਠਣ ਦੀ ਵਿਵਸਥਾ ਅਤੇ ਲੰਗਰ ਛਕਣ ਲਈ ਵੀ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ ਤਾਂ ਜੋ ਦੂਰ-ਦੁਰਾਡੇ ਤੋਂ ਆਉਣ ਵਾਲੀਆਂ ਸੰਗਤਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਸਮਾਗਮ ਦੌਰਾਨ ਧਾਰਮਿਕ ਦੀਵਾਨ, ਗੁਰਬਾਣੀ ਕੀਰਤਨ, ਕਥਾ-ਵਿਚਾਰ ਅਤੇ ਪੰਥਕ ਵਿਚਾਰਾਂ ਦਾ ਵੀ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ ਪ੍ਰਸਿੱਧ ਰਾਗੀ, ਢਾਡੀ ਅਤੇ ਕਥਾਵਾਚਕ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ, ਇਟਲੀ, ਆਸਟਰੀਆ, ਕੈਨੇਡਾ ਅਤੇ ਅਮਰੀਕਾ ਦੇ ਸਿੰਘਾਂ ਵੱਲੋਂ ਵੀ ਸਮੂਹ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਗਈ ਹੈ ਕਿ 2 ਜੂਨ 2026 ਨੂੰ ਪਿੰਡ ਰੋਡੇ ਵਿਖੇ ਹੋ ਰਹੇ ਮਹਾਨ ਸਮਾਗਮ ਵਿੱਚ ਹੁੰਮ-ਹੁੰਮਾ ਕੇ ਪਹੁੰਚਿਆ ਜਾਵੇ ਅਤੇ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਮੌਕੇ ਕਰਵਾਏ ਜਾ ਰਹੇ ਧਾਰਮਿਕ ਸਮਾਗਮਾਂ ਵਿੱਚ ਸ਼ਮੂਲੀਅਤ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਜਾਣ। ਇਹ ਪ੍ਰੈਸ ਨੋਟ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਪੰਜਾਬ ਵੱਲੋਂ ਜਾਰੀ ਕੀਤਾ ਗਿਆ।






## 2 ਜੂਨ ਨੂੰ ਪਿੰਡ ਰੋਡੇ ਪੁੱਜੋ

--✶ ਬੇਨਤੀ ਕਰਤਾ ✶--

## ਸੰਤ ਚਰਨਜੀਤ ਸਿੰਘ ਜੱਸੋਵਾਲ

### ਦਮਦਮੀ ਟਕਸਾਲ, ਭਿੰਡਰਾਂਵਾਲੇ

### ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
# ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243





★ ਪ੍ਰਣਾਮ ਸ਼ਹੀਦਾਂ ਨੂੰ ★

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਸ਼ਹੀਦ ਭਾਈ ਅਮਰੀਕ ਸਿੰਘ, ਸ਼ਹੀਦ ਬਾਬਾ ਥਾਰਾ ਸਿੰਘ, ਸ਼ਹੀਦ ਜਨਰਲ ਸ਼ਬੇਗ ਸਿੰਘ ਅਤੇ ਸਮੂਹ ਸ਼ਹੀਦ ਸਿੰਘਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹਾਂ ਜਿਨ੍ਹਾਂ ਨੇ ਜੂਨ 1984 ਵਿੱਚ ‘ਧਰਮ ਹੇਤ ਸੀਸ ਵਾਰ’ ਕੇ ਪੰਜਵੇਂ ਨਾਨਕ ਗੁਰੂ ਅਰਜਨ ਪਾਤਸ਼ਾਹ ਜੀ ਨੂੰ ਅਕੀਦਤ ਦੇ ਫੁੱਲ ਭੇਟ ਕੀਤੇ।

ਸਮੂਹ ਸਿੱਖ ਸੰਗਤ ਦੇ ਸਹਿਯੋਗ ਨਾਲ ਗੁਰਦੁਵਾਰਾ ਸਾਹਿਬ Hesperia 1.30 pm ਕੱਲ ਐਤਵਾਰ ਆਰੰਭ SRI SEHEJ PATH JI In Memory of All Saheed who laid their lives for protection of SRI DARBARAND SRI AKAL TAKHATSAHIB of 6th. June AIHD ( ਤੀਸਰਾ ਘੱਲੂਘਾਰਾ) ਸ੍ਰੀ ਸਹਿਜ ਪਾਠ ਦੇ ਭੋਗ 7th. ਜੂਨ 2026 ਨੂੰ 10 ਵਜੇ ਪੈਣਗੇ ਉਪਰੰਤ ਸ਼ਹੀਦਾਂ ਦੀ ਯਾਦ ਵਿੱਚ ਦੀਵਾਨ ਸਜਾਏ ਜਾਣਗੇ

--★ ਜਾਰੀ ਕਰਤਾ ★--

# ਸਮੂਹ ਪ੍ਰਬੰਧਕ ਕਮੇਟੀ

## ਗੁਰਦੁਵਾਰਾ ਸਾਹਿਬ Hesperia

## U. S.A.

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਕੀਰਤਨ ਦਰਬਾਰ



ਸਲਾਨਾ ਬਰਸੀ ਸੰਤ ਕਿਰਪਾਲ ਸਿੰਘ ਸਾਹਿਬ ਜੀ ਸੱਤੋਵਾਲੀ ਗਲੀ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।



☛ ਸ਼ੁੱਕਰਵਾਰ 22 ਮਈ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸਜਣਗੇ। ☛ ਸ਼ਨਿੱਚਰਵਾਰ 23 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ। ਸ਼ਨਿੱਚਰਵਾਰ 23 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 24 ਮਈ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਜੀ ( ਸ੍ਰੀ ਅੰਮ੍ਰਿਤਸਰ ਸਾਹਿਬ ਜੀ) ਭਾਈ ਸਰੂਪ ਸਿੰਘ ਜੀ ਰੂਪ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਤਿਕਾਰ ਐਕਟ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਨੇ 31 ਮਈ ਨੂੰ

# ਬਾਬਾ ਬਕਾਲਾ ਸਾਹਿਬ ਵਿਖੇ ਬੁਲਾਈ ਗਈ ਵਿਸ਼ਾਲ ਪੰਥਕ ਕਾਨਫਰੰਸ



## ਐਡਵੋਕੇਟ ਧਾਮੀ ਵੱਲੋਂ ਸਮੂਹ ਸਿੱਖ ਜਥੇਬੰਦੀਆਂ ਨੂੰ ਪੰਥਕ ਕਾਨਫਰੰਸ 'ਚ ਭਰਵੀਂ ਸ਼ਮੂਲੀਅਤ ਕਰਨ ਦੀ ਅਪੀਲ

**ਨਵੀਂ ਦਿੱਲੀ, 20 ਮਈ (ਮਨਪ੍ਰੀਤ ਸਿੰਘ ਖਾਲਸਾ):-** ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ (ਸੋਧ) ਐਕਟ 2026' ਵਿੱਚ ਸਿੱਖ ਭਾਵਨਾਵਾਂ ਵਿਰੁੱਧ ਦਰਜ ਮੱਦਾਂ ਨੂੰ ਲੈ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸ਼ਾਲ ਪੰਥਕ ਕਾਨਫਰੰਸ 31 ਮਈ 2026 ਨੂੰ ਬਾਬਾ ਬਕਾਲਾ ਸਾਹਿਬ ਵਿਖੇ ਸੱਦੀ ਗਈ ਹੈ। ਇਹ ਜਾਣਕਾਰੀ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਅੰਮ੍ਰਿਤਸਰ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਦਿੱਤੀ। ਐਡਵੋਕੇਟ ਧਾਮੀ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਲੰਘੇ ਦਿਨੀਂ ਵੱਖ ਵੱਖ ਅਸਥਾਨਾਂ ਤੇ ਪੰਥਕ ਮੀਟਿੰਗਾਂ ਕੀਤੀਆਂ ਗਈਆਂ ਸਨ ਜਿਸ ਵਿਚ ਸੰਗਤਾਂ ਦੀ ਭਾਵਨਾ ਸੀ ਕਿ ਇਸ ਗੰਭੀਰ ਮਸਲੇ ਸਬੰਧੀ ਸਮੁੱਚੀਆਂ ਸਿੱਖ ਜਥੇਬੰਦੀਆਂ ਦਾ ਵਿਸਾ.ਲ ਪੰਥਕ ਇਕੱਠ ਬੁਲਾਇਆ ਜਾਵੇ। ਬਹੁਤ ਸਾਰੇ ਸਿੱਖ ਵਿਦਵਾਨਾਂ ਵੱਲੋਂ ਵੀ ਅਜਿਹੇ ਸੁਝਾਅ ਮਿਲੇ ਸਨ। ਇਸ ਦੇ ਮੱਦੇਨਜ਼ਰ ਅੱਜ ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ ਨਾਲ ਵਿਚਾਰ ਕਰਕੇ ਇਹ ਪ੍ਰੋਗਰਾਮ ਉਲੀਕਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਪੰਥਕ ਇਕੱਠ ਟਕਰਾ ਲਈ ਨਹੀਂ ਬਲਕਿ ਸਿੱਖ ਸੰਗਤਾਂ ਦੇ ਇਤਰਾਜਾਂ ਦੀ ਤਰਜ਼ਮਾਨੀ ਲਈ ਹੈ। ਉਨ੍ਹਾਂ ਕਿਹਾ ਕਿ ਇਸ ਪੰਥਕ ਕਾਨਫਰੰਸ ਲਈ ਸਮੂਹ ਸਿੱਖ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਨਿਰਮਲੇ, ਉਦਾਸੀ ਸੰਪਰਦਾ, ਕਾਰ ਸੇਵਾ ਵਾਲੇ ਮਹਾਂਪੁਰਸ਼ਾਂ ਤੇ ਸਮੂਹ ਸਿੱਖ ਫੈਡਰੇਸ਼ਨਾਂ ਨੂੰ ਅਪੀਲ ਹੈ ਕਿ ਉਹ ਇਸ ਵਿੱਚ ਭਰਵੀਂ ਸ਼ਮੂਲੀਅਤ ਕਰਨ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਕੌਮ ਨਾਲ ਸਬੰਧਤ ਕਨੂੰਨ ਵਿਚ ਜਦੋਂ ਵੀ ਸੋਧ ਹੋਈ ਹੈ ਉਸ ਲਈ ਸ਼੍ਰੋਮਣੀ ਕਮੇਟੀ ਵੱਲੋਂ ਬਕਾਇਦਾ ਮਤਾ ਪਾਸ ਕਰਕੇ ਭੇਜਿਆ ਗਿਆ ਸੀ। ਸਿੱਖ ਗੁਰਦੁਆਰਾ ਐਕਟ 1925 ਵਿਚ ਬੀਬੀਆਂ ਦੇ ਰਾਖਵੇਂਕਰਨ ਅਤੇ 2008 ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਪਾਈ ਤੇ ਪ੍ਰਕਾਸ਼ਨ ਸਬੰਧੀ ਐਕਟ ਲਈ ਮਤੇ ਪਾਸ ਕਰਕੇ ਭੇਜੇ ਗਏ ਸਨ। ਸਹਿਜਧਾਰੀਆਂ ਸਬੰਧੀ ਸਰਕਾਰ ਦੀ ਸੋਧ ਵੀ ਇਸੇ ਕਾਰਨ ਰੱਦ ਹੋ ਗਈ ਸੀ ਕਿਉਂਕਿ ਸ਼੍ਰੋਮਣੀ ਕਮੇਟੀ ਦੁਆਰਾ ਇਸ ਸੋਧ ਸਬੰਧੀ ਕੋਈ ਮਤਾ ਨਹੀਂ ਸੀ ਕੀਤਾ। ਪਰ ਸਰਕਾਰ ਦੁਆਰਾ ਇਸ ਕਨੂੰਨ ਵਿਚ ਸੋਧ ਕਰਨ ਲਈ ਸ਼੍ਰੋਮਣੀ ਕਮੇਟੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਖਰੜਾ ਦੱਸਣਾ ਵੀ ਮੁਨਾਸਿਬ ਨਹੀਂ ਸਮਝਿਆ ਗਿਆ। ਉਨ੍ਹਾਂ ਕਿਹਾ ਕਿ ਇਹੀ ਕਾਰਨ ਹੈ ਕਿ ਸਿੱਖ ਜਥੇਬੰਦੀਆਂ ਨਾਲ ਗੱਲਬਾਤ ਤੋਂ ਬਿਨਾਂ ਤਿਆਰ ਕੀਤੇ ਕਨੂੰਨ ਵਿੱਚ ਕਈ ਮੱਦਾਂ ਸਿੱਖ ਸਿਧਾਂਤਾਂ ਨਾਲ ਮੇਲ ਨਹੀਂ ਖਾਂਦੀਆਂ। ਉਨ੍ਹਾਂ ਸਪੱਸ਼ਟ ਕੀਤਾ ਕਿ 2008 ਵਾਲੇ ਸਤਿਕਾਰ ਐਕਟ ਬਾਰੇ ਜੋਂ ਡਿਪਟੀ ਕਮਿਸ਼ਨਰ ਨੂੰ ਜਾਣਕਾਰੀ ਦੇਣ ਦੀ ਗੱਲ ਪ੍ਰਚਾਰੀ ਜਾ ਰਹੀ ਹੈ ਉਹ ਬਾਹਰੀ ਪ੍ਰਕਾਸ਼ਕਾਂ ਪਾਸੋਂ ਪਾਵਨ ਬੀੜਾਂ ਲੈ ਕੇ ਉਨ੍ਹਾਂ ਨੂੰ ਅਦਾਇਗੀ ਲਈ ਸੀ। ਕਿਉਂਕਿ ਇਸ ਐਕਟ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ਨ ਦਾ ਅਧਿਕਾਰ ਸ਼੍ਰੋਮਣੀ ਕਮੇਟੀ ਨੂੰ ਦਿੱਤਾ ਗਿਆ ਸੀ।

ਉਨ੍ਹਾਂ ਕਿਹਾ ਕਿ ਸੋਧੇ ਗਏ ਐਕਟ ਵਿੱਚ ਬੇਅਦਬੀ ਦੇ ਦੋਸ਼ੀਆਂ ਨੂੰ ਸਜ਼ਾ ਦੇਣ ਸਬੰਧੀ ਕੋਈ ਵਿਰੋਧ ਨਹੀਂ ਹੈ ਬਲਕਿ ਸਿੱਖ ਭਾਵਨਾਵਾਂ ਵਿਰੁੱਧ ਮਰਯਾਦਾ ਸਬੰਧੀ ਦਰਜ ਕੁਝ ਮੱਦਾਂ ਅਤੇ ਸ਼ਬਦਾਵਲੀ ਨੂੰ ਹਟਾਏ ਜਾਣ ਸੰਬੰਧੀ ਸੰਗਤਾਂ ਅੰਦਰ ਇਤਰਾਜ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਸਿੱਖ ਭਾਵਨਾਵਾਂ ਦੇ ਮਾਮਲੇ ਵਿਚ ਅੜੀਅਲ ਰੱਵਈਆ ਨਹੀਂ ਰੱਖਣਾ ਚਾਹੀਦਾ। ਮਾਨਯੋਗ ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਵੀ ਇਕ ਪਟੀਸ਼ਨ ਦੇ ਮਾਮਲੇ ਵਿਚ ਕਹਿ ਰਹੇ ਹਨ ਕਿ ਧਰਮ ਦੇ ਮਾਮਲਿਆਂ ਵਿਚ ਦਖਲ ਨਹੀਂ ਦਿੱਤਾ ਜਾ ਸਕਦਾ। ਸਰਕਾਰਾਂ ਨੂੰ ਵੀ ਚੀਫ਼ ਜਸਟਿਸ ਦੀ ਇਸ ਭਾਵਨਾ ਨੂੰ ਸਮਝਣਾਂ ਚਾਹੀਦਾ ਹੈ ਅਤੇ ਸਿੱਖਾਂ ਦੇ ਧਾਰਮਿਕ ਮਾਮਲਿਆਂ ਤੋਂ ਦੂਰ ਰਹਿਣਾ ਚਾਹੀਦਾ ਹੈ।

### ਸਿਹਤ ਵਿਭਾਗ ਤਲਵੰਡੀ ਸਾਬੋ ਵੱਲੋਂ ਗਰਮੀ ਤੋਂ

# ਬਚਾਅ ਲਈ ਲੋਕਾਂ ਨੂੰ ਕੀਤਾ ਜਾ ਰਿਹਾ ਜਾਗਰੂਕ



**ਤਲਵੰਡੀ ਸਾਬੋ, 20 ਮਈ (ਗੁਰਜੰਟ ਸਿੰਘ ਨਥੇਹਾ)-** ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਰਵੀਕਾਂਤ ਗੁਪਤਾ ਦੀ ਰਹਿਨੁਮਾਈ ਹੇਠ ਸਿਹਤ ਬਲਾਕ ਤਲਵੰਡੀ ਸਾਬੋ ਵੱਲੋਂ ਭਿਆਨਕ ਗਰਮੀ ਅਤੇ ਲੂ ਤੋਂ ਬਚਾਅ ਲਈ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੁਹਿੰਮ ਤਹਿਤ ਸਿਹਤ ਕਰਮਚਾਰੀਆਂ ਵੱਲੋਂ ਆਮ ਲੋਕਾਂ ਨੂੰ ਗਰਮੀ ਦੌਰਾਨ ਸਿਹਤ ਸੰਬੰਧੀ ਸਾਵਧਾਨੀਆਂ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ। ਡਾ. ਰਵੀਕਾਂਤ ਗੁਪਤਾ ਨੇ ਦੱਸਿਆ ਕਿ ਇਸ ਸਮੇਂ ਤੇਜ਼ ਗਰਮੀ ਕਾਰਨ ਹੀਟ ਸਟ੍ਰੋਕ, ਡੀਹਾਈਡਰੇਸ਼ਨ ਅਤੇ ਹੋਰ ਸਿਹਤ ਸਮੱਸਿਆਵਾਂ ਦਾ ਖਤਰਾ ਵੱਧ ਜਾਂਦਾ ਹੈ। ਇਸ ਲਈ ਲੋਕਾਂ ਨੂੰ ਦੁਪਹਿਰ 12 ਵਜੇ ਤੋਂ 4 ਵਜੇ ਤੱਕ ਬਿਨਾਂ ਲੋੜ ਘਰ ਤੋਂ ਬਾਹਰ ਨਾ ਨਿਕਲਣ, ਹਲਕੇ ਅਤੇ ਢਿੱਲੇ ਕਪੜੇ ਪਹਿਨਣ, ਸਿਰ ਨੂੰ ਕੱਪੜੇ ਜਾਂ ਛਤਰੀ ਨਾਲ ਢੱਕ ਕੇ ਰੱਖਣ ਅਤੇ ਵੱਧ ਤੋਂ ਵੱਧ ਪਾਣੀ ਪੀਣ ਦੀ ਸਲਾਹ ਦਿੱਤੀ ਗਈ। ਉਨ੍ਹਾਂ ਕਿਹਾ ਕਿ ਲੋਕ ਤਰਬੂਜ਼, ਖੀਰਾ, ਨਿੰਬੂ ਪਾਣੀ ਅਤੇ ਹੋਰ ਤਰਲ ਪਦਾਰਥਾਂ ਦਾ ਵੱਧ ਸੇਵਨ ਕਰਨ। ਬਾਹਰ ਖੜੀਆਂ ਗੱਡੀਆਂ ਵਿੱਚ ਬੱਚਿਆਂ ਜਾਂ ਪਸ਼ੂਆਂ ਨੂੰ ਇਕੱਲਾ ਨਾ ਛੱਡਿਆ ਜਾਵੇ। ਜੇ ਕਿਸੇ ਵਿਅਕਤੀ ਨੂੰ ਚੱਕਰ ਆਉਣ, ਬੁਖਾਰ, ਉਲਟੀ ਜਾਂ ਬੇਹੋਸ਼ੀ ਵਰਗੇ ਲੱਛਣ ਦਿਖਾਈ ਦੇਣ ਤਾਂ ਤੁਰੰਤ ਨਜ਼ਦੀਕੀ ਸਿਹਤ ਕੇਂਦਰ ਨਾਲ ਸੰਪਰਕ ਕੀਤਾ ਜਾਵੇ। ਸਿਹਤ ਵਿਭਾਗ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਗਰਮੀ ਦੇ ਮੌਸਮ ਦੌਰਾਨ ਸਾਵਧਾਨ ਰਹੋ, ਆਪਣੀ ਅਤੇ ਆਪਣੇ ਪਰਿਵਾਰ ਦੀ ਸਿਹਤ ਦਾ ਖਾਸ ਧਿਆਨ ਰੱਖੋ ਅਤੇ ਲੂ ਤੋਂ ਬਚਾਅ ਲਈ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕਰੋ।

# ਕਾਂਝਲਾ ਨੇ ਕੀਤਾ ਆਸ਼ਾ ਰਾਣੀ ਦੇ ਹੱਕ ਵਿੱਚ ਡੋਰ ਟੂ ਡੋਰ ਉਮੀਦਵਾਰ ਨੂੰ ਜਿਤਾਉਣ ਦੀ ਕੀਤੀ ਅਪੀਲ



**ਧੂਰੀ ( ਰਣਜੀਤ ਸਿੰਘ ਪੇਧਨੀ )**-26 ਮਈ ਨੂੰ ਹੋਣ ਜਾ ਰਹੀਆਂ ਮੁਨਸੀਪਲ ਕਮੇਟੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਧੂਰੀ ਦੇ 21 ਵਾਰਡਾਂ ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕਰਕੇ ਇਕ ਇਤਿਹਾਸ ਬਣਾਏਗੀ ਇਹ ਚੋਣਾਂ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਦੀ ਰਹਿਣਨੁਮਾਈ ਹੇਠ ਲੜੀਆਂ ਜਾ ਰਹੀਆਂ ਹਨ। ਆਮ ਆਦਮੀ ਪਾਰਟੀ ਦੇ ਪੰਜ ਉਮੀਦਵਾਰ ਬਿਨਾਂ ਮੁਕਾਬਲੇ ਜੇਤੂ ਰਹੇ ਹਨ, ਉਹ ਵਧਾਈ ਦੇ ਪਾਤਰ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ, ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਨੇ ਵਾਰਡ ਨੰਬਰ 13 ਵਿੱਚ ਉਮੀਦਵਾਰ ਆਰਾ ਰਾਣੀ ਦੇ ਹੱਕ ਵਿੱਚ ਡੋਰ ਟੂ ਡੋਰ ਕਰਨ ਸਮੇਂ ਕੀਤਾ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਚਲਾਈਆ ਗਈਆਂ ਲੋਕ ਭਲਾਈ ਸਕੀਮਾਂ ਤੋਂ ਖੁਸ਼ ਹੋ ਕੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਵੱਡਾ ਫਤਵੇ ਦੇ ਕੇ ਉਹਨਾਂ ਦੇ ਉਮੀਦਵਾਰਾਂ ਨੂੰ ਆਉਣ ਵਾਲੀ 26 ਮਈ ਨੂੰ ਵੱਡੇ ਮਾਰਜਨ ਨਾਲ ਜਿਤਾਉਣਗੇ । ਇਸ ਮੌਕੇ ਰਜਿੰਦਰ ਸਿੰਘ ਲੱਧੜ, ਆਪ ਆਗੂ ਕੁਲਵਿੰਦਰ ਸਿੰਘ ਸਿੱਧੂ, ਗੁਰਚਰਨ ਸਿੰਘ ਬੇਨੜਾ ਹਾਜਰ ਸਨ।

# ਜੱਟਮਹਾਂ ਸਭਾ ਹਲਕਾ ਪ੍ਰਧਾਨ ਮਨਜੀਤ ਲਾਲੇਆਣਾ ਤੇ ਹੋਰ ਆਗੂਆਂ ਨੇ ਮੌੜ 'ਚ ਕਾਂਗਰਸੀ ਉਮੀਦਵਾਰਾਂ ਲਈ ਕੀਤਾ ਪ੍ਰਚਾਰ



**ਤਲਵੰਡੀ ਸਾਬੋ, 20 ਮਈ (ਗੁਰਜੰਟ ਸਿੰਘ ਨਥੇਹਾ)**-ਤਲਵੰਡੀ ਸਾਬੋ ਨਗਰ ਦੇ ਨੇੜਲੇ ਇਲਾਕਿਆਂ :ਚ 26 ਮਈ ਨੂੰ ਹੋਣ ਜਾ ਰਹੀਆਂ ਨਗਰ ਕੌਂਸਲ ਚੋਣਾਂ ਚ ਕਾਂਗਰਸੀ ਉਮੀਦਵਾਰਾਂ ਦੇ ਹੱਕ 'ਚ ਸਥਾਨਕ ਕਾਂਗਰਸੀ ਆਗੂਆਂ ਨੇ ਵੀ ਚੋਣ ਪ੍ਰਚਾਰ ਆਰੰਭਿਆ ਹੋਇਆ ਹੈ ਤੇ ਇਸੇ ਲੜੀ 'ਚ ਪੁਰਾਣੇ ਕਾਂਗਰਸੀ ਆਗੂ ਤੇ ਜੱਟਮਹਾਂ ਸਭਾ ਦੇ ਹਲਕਾ ਪ੍ਰਧਾਨ ਮਨਜੀਤ ਸਿੰਘ ਲਾਲੇਆਣਾ, ਭਾਗ ਸਿੰਘ ਕਾਕਾ ਸਾਬਕਾ ਸਰਪੰਚ ਗੁਰੂਸਰ ਸਮੇਤ ਹੋਰਨਾਂ ਕਾਂਗਰਸੀ ਆਗੂਆਂ ਨੇ ਗੁਆਂਢੀ ਹਲਕੇ ਮੌੜ ਦੀਆਂ ਨਗਰ ਕੌਂਸਲ ਚੋਣਾਂ 'ਚ ਕਾਂਗਰਸੀ ਉਮੀਦਵਾਰਾਂ ਦੇ ਹੱਕ ਚ ਜ਼ੋਰਦਾਰ ਚੋਣ ਪ੍ਰਚਾਰ ਕੀਤਾ। ਜੱਟਮਹਾਂ ਸਭਾ ਹਲਕਾ ਪ੍ਰਧਾਨ ਮਨਜੀਤ ਸਿੰਘ ਲਾਲੇਆਣਾ ਨੇ ਕਿਹਾ ਕਿ ਭਾਵੇਂ ਪੰਜਾਬ 'ਚ ਕੋਈ ਵੀ ਵਿਧਾਨ ਸਭਾ ਜ਼ਿਮਨੀ ਚੋਣ ਹੋਵੇ ਤੇ ਭਾਵੇਂ ਹੋਰ ਚੋਣਾਂ ਉਹ ਹਮੇਸ਼ਾ ਕਾਂਗਰਸੀ ਉਮੀਦਵਾਰਾਂ ਦੇ ਹੱਕ 'ਚ ਪ੍ਰਚਾਰ ਲਈ ਜਾਂਦੇ ਰਹਿੰਦੇ ਹਨ ਅਤੇ ਹੁਣ ਵੀ ਉਨਾਂ ਨੇ ਨਗਰ ਕੌਂਸਲ ਮੌੜ ਦੀਆਂ ਚੋਣਾਂ 'ਚ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਚੋਣ ਲੜ ਰਹੇ ਕਾਂਗਰਸੀ ਉਮੀਦਵਾਰਾਂ ਦੇ ਹੱਕ 'ਚ ਚੋਣ ਪ੍ਰਚਾਰ ਮੁਹਿੰਮ 'ਚ ਸ਼ਮੂਲੀਅਤ ਕਰਦਿਆਂ ਅੱਜ ਮੌੜ ਦੇ ਵਾਰਡ ਨੰ:6 ਤੋਂ ਕਾਂਗਰਸੀ ਉਮੀਦਵਾਰ ਸੰਦੀਪ ਕੁਮਾਰ ਨਾਲ ਡੋਰ ਟੂ ਡੋਰ ਜਾ ਕੇ ਉਨਾਂ ਲਈ ਵੋਟਾਂ ਮੰਗੀਆਂ ਹਨ ਕਿਉਂਕਿ ਉਕਤ ਨਗਰ 'ਚ ਹਲਕਾ ਤਲਵੰਡੀ ਸਾਬੋ ਦੇ ਪਿੰਡਾਂ/ਸ਼ਹਿਰਾਂ ਤੋਂ ਬਹੁਤ ਰਿਸ਼ਤੇਦਾਰੀਆਂ ਹਨ।

ਉਨਾਂ ਨੇ ਸਾਬਕਾ ਵਿਧਾਇਕ ਸਿੱਧੂ ਦੀਆਂ ਚੋਣ ਜਨ ਸਭਾਵਾਂ 'ਚ ਵੀ ਸ਼ਮੂਲੀਅਤ ਕੀਤੀ। ਉਨਾਂ ਦੱਸਿਆ ਕਿ ਆਉਣ ਵਾਲੇ ਦਿਨਾਂ 'ਚ ਹੋਰਨਾਂ ਸ਼ਹਿਰਾਂ 'ਚ ਵੀ ਕਾਂਗਰਸੀ ਉਮੀਦਵਾਰਾਂ ਦੇ ਹੱਕ 'ਚ ਚੋਣ ਪ੍ਰਚਾਰ ਕੀਤਾ ਜਾ ਸਕਦਾ ਹੈ। ਉੱਧਰ ਭਾਗ ਸਿੰਘ ਕਾਕਾ ਸਾਬਕਾ ਸਰਪੰਚ ਗੁਰੂਸਰ, ਹਰਦੇਵ ਸਿੰਘ ਫੌਜੀ ਸਾਬਕਾ ਸਰਪੰਚ ਨੰਗਲਾ, ਅੰਮ੍ਰਿਤਪਾਲ ਸਿੰਘ ਜੀਵਨ ਸਿੰਘ ਵਾਲਾ ਨੇ ਦੱਸਿਆ ਕਿ ਜੀਤਮਹਿੰਦਰ ਸਿੰਘ ਸਿੱਧੂ ਦੀ ਯੋਗ ਅਗਵਾਈ ਹੇਠ ਮੌੜ 'ਚ ਕਾਂਗਰਸ ਦੇ ਹੱਕ 'ਚ ਮਾਹੌਲ ਬਣ ਗਿਆ ਹੈ ਤੇ ਉਮੀਦ ਹੈ ਕਿ ਕਾਂਗਰਸ ਸ਼ਾਨਦਾਰ ਪ੍ਰਦਰਸ਼ਨ ਕਰੇਗੀ। ਇਸ ਮੌਕੇ ਜਸਪਾਲ ਸਿੰਘ ਭਗਵਾਨਪੁਰਾ, ਟਹਿਲ ਸਿੰਘ ਲਹਿਰੀ ਸਮੇਤ ਹੋਰ ਕਾਂਗਰਸੀ ਵੀ ਚੋਣ ਪ੍ਰਚਾਰ 'ਚ ਸ਼ਾਮਿਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਕਾਲੀ ਦਲ ਐੱਸ.ਸੀ ਵਿੰਗ ਪ੍ਰਧਾਨ ਗਗਨਦੀਪ ਨੇ

# ਜੀਤਮਹਿੰਦਰ ਸਿੰਘ ਸਿੱਧੂ ਦੀ ਮੌਜੂਦਗੀ 'ਚ ਫੜਿਆ ਕਾਂਗਰਸ ਦਾ ਹੱਥ



**ਤਲਵੰਡੀ ਸਾਬੋ, 20 ਮਈ (ਗੁਰਜੰਟ ਸਿੰਘ ਨਥੇਹਾ)**- 26 ਮਈ ਨੂੰ ਹੋਣ ਜਾ ਰਹੀਆਂ ਨਗਰ ਕੌਂਸਲ ਮੌੜ ਮੰਡੀ ਦੀਆਂ ਚੋਣਾਂ ਲਈ ਜਿੱਥੇ ਸਿਆਸੀ ਧਿਰਾਂ ਨੇ ਆਪੋ ਆਪਣੇ ਉਮੀਦਵਾਰਾਂ ਦੇ ਹੱਕ 'ਚ ਜ਼ੋਰਦਾਰ ਚੋਣ ਮੁਹਿੰਮ ਵਿੱਢ ਰੱਖੀ ਹੈ ਉੱਥੇ ਕਾਂਗਰਸ ਪਾਰਟੀ ਨੂੰ ਉਸ ਸਮੇਂ ਵੱਡਾ ਬਲ ਮਿਲਿਆ ਜਦੋਂ ਸ਼੍ਰੋਮਣੀ ਅਕਾਲੀ ਦਲ (ਬ) ਦੇ ਐੱਸ.ਸੀ ਵਿੰਗ ਦੇ ਪ੍ਰਧਾਨ ਦੱਸੇ ਜਾਂਦੇ ਗਗਨਦੀਪ ਗੱਗੂ ਨੇ ਕਾਂਗਰਸ ਦੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਦੀ ਮੌਜੂਦਗੀ 'ਚ ਕਾਂਗਰਸ ਚ ਸ਼ਾਮਿਲ ਹੋਣ ਦਾ ਐਲਾਨ ਕਰ ਦਿੱਤਾ। ਟੀਮ ਸਿੱਧੂ ਵੱਲੋਂ ਮੁਹੱਈਆ ਕਰਵਾਈ ਜਾਣਕਾਰੀ ਮੁਤਾਬਿਕ ਬੀਤੀ ਦੇਰ ਸ਼ਾਮ ਜਦੋਂ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਵੱਲੋਂ ਨਗਰ ਕੌਂਸਲ ਮੌੜ ਦੇ ਵਾਰਡ ਨੰ:15 ਤੋਂ ਕਾਂਗਰਸੀ ਉਮੀਦਵਾਰ ਰਾਜਵੀਰ ਸਿੰਘ ਦੇ ਹੱਕ 'ਚ ਪ੍ਰਚਾਰ ਲਈ ਪ੍ਰੋਗਰਾਮ ਰੱਖਿਆ ਗਿਆ ਤਾਂ ਇਸ ਦੌਰਾਨ ਅਕਾਲੀ ਦਲ (ਬਾਦਲ) ਦੇ ਐੱਸ.ਸੀ.ਵਿੰਗ ਪ੍ਰਧਾਨ ਗਗਨਦੀਪ ਗੱਗੂ ਨੇ ਸਾਥੀਆਂ ਸਮੇਤ ਅਕਾਲੀ ਦਲ ਨੂੰ ਛੱਡ ਕੇ ਕਾਂਗਰਸ ਚ ਸ਼ਾਮਿਲ ਹੋਣ ਦਾ ਐਲਾਨ ਕਰ ਦਿੱਤਾ। ਇਸ ਮੌਕੇ ਜੀਤਮਹਿੰਦਰ ਸਿੰਘ ਸਿੱਧੂ ਨੇ ਗੱਗੂ ਤੇ ਉਨਾਂ ਦੇ ਸਾਥੀਆਂ ਨੂੰ ਕਾਂਗਰਸ 'ਚ ਸ਼ਾਮਿਲ ਕਰਦਿਆਂ ਉਨਾਂ ਨੂੰ ਪਾਰਟੀ ਅੰਦਰ ਬਣਦਾ ਮਾਨ ਸਨਮਾਨ ਦੇਣ ਦਾ ਯਕੀਨ ਦਵਾਇਆ। ਉੱਧਰ ਚੋਣ ਪ੍ਰਚਾਰ ਦੌਰਾਨ ਸਿੱਧੂ ਨੇ ਕਿਹਾ ਕਿ ਲੋਕ ਇਹ ਗੱਲ ਚੰਗੀ ਤਰ੍ਹਾਂ ਸਮਝ ਚੁੱਕੇ ਹਨ ਕਿ ਸੂਬੇ ਨੂੰ ਰੰਗਲਾ ਬਣਾਉਣ ਜਾਂ ਵਿਕਾਸ ਪੱਖੋਂ ਮੋਹਰੀ ਬਣਾਉਣ ਦੇ ਬਾਕੀ ਸਿਆਸੀ ਪਾਰਟੀਆਂ ਸਿਰਫ ਫੋਕੇ ਦਾਅਵੇ ਕਰਦੀਆਂ ਹਨ ਜਦੋਂਕਿ ਅਸੀਂ ਜੋ ਕਹਿੰਦੇ ਹਾਂ ਉਹ ਕਰਕੇ ਵੀ ਦਿਖਾਉਂਦੇ ਹਾਂ। ਉਨਾਂ ਕਿਹਾ ਕਿ ਕਾਂਗਰਸ ਦੀਆਂ ਪੰਜਾਬ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ਲੋਕ ਪਾਰਟੀ ਨਾਲ ਜੁੜ ਰਹੇ ਹਨ ਅਤੇ ਜਿੱਥੇ ਨਗਰ ਕੌਂਸਲ ਚੋਣਾਂ 'ਚ ਕਾਂਗਰਸ ਸ਼ਾਨਦਾਰ ਪ੍ਰਦਰਸ਼ਨ ਕਰੇਗੀ ਉੱਥੇ 2027 ਚ ਲੋਕਾਂ ਦੇ ਸਹਿਯੋਗ ਸਦਕਾ ਪੰਜਾਬ 'ਚ ਸਰਕਾਰ ਬਣਾਵੇਗੀ। ਸਿੱਧੂ ਨਾਲ ਇਸ ਮੌਕੇ ਕੁਲਵੰਤ ਸਿੰਘ ਸ਼ਹਿਰੀ ਪ੍ਰਧਾਨ, ਰਾਜੇਸ਼ ਜੈਨ ਸਾਬਕਾ ਪ੍ਰਧਾਨ ਨਗਰ ਕੌਂਸਲ, ਵਿਜੈ ਕੁਮਾਰ ਸਾਬਕਾ ਉਪ ਚੇਅਰਮੈਨ ਮਾਰਕਿਟ ਕਮੇਟੀ, ਸੁਖਮੰਦਰ ਸਿੰਘ ਜੋਧਪੁਰ, ਨਿੱਜੀ ਸਹਾਇਕ ਅਮਰਜੀਤ ਸਿੰਘ ਚੀਮਾ ਤੋਂ ਇਲਾਵਾ ਨਗਰ ਤੇ ਇਲਾਕੇ ਦੇ ਵੱਡੀ ਗਿਣਤੀ ਕਾਂਗਰਸੀ ਆਗੂ ਨਜ਼ਰ ਆਏ।

### ਪਿੰਡ ਜਗਾ ਰਾਮ ਤੀਰਥ ਵਿਖੇ

# ਕਿਸਾਨ ਸਿਖਲਾਈ ਕੈਂਪ ਲਗਾਇਆ







**ਤਲਵੰਡੀ ਸਾਬੋ, 20 ਮਈ (ਗੁਰਜੰਟ ਸਿੰਘ ਨਥੇਹਾ)**- ਬਲਾਕ ਤਲਵੰਡੀ ਸਾਬੋ ਦੇ ਪਿੰਡ ਜਗਾ ਰਾਮ ਤੀਰਥ ਦੇ ਕੋਆਪਰੇਟਿਵ ਸੁਸਾਇਟੀ ਵਿਖੇ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਖੇਤੀਬਾੜੀ ਵਿਕਾਸ ਅਫ਼ਸਰ ਵੱਲੋਂ ਉਨ੍ਹਾਂ ਦੀਆਂ ਮੰਗਾਂ ਜਿਵੇ ਵਿਭਾਗੀ ਤਰੱਕੀ, ਪੇ ਪੈਰਿਟੀ ਅਤੇ ਨਵੀਂ ਭਰਤੀਆਂ ਨਾ ਕਰਨ ਕਰਕੇ ਪੰਜਾਬ ਸਰਕਾਰ ਵਿਰੁੱਧ ਰੋਸ ਵਜੋਂ ਕਾਲੇ ਬਿੱਲੇ ਲਾ ਕੇ ਰੱਖੇ ਗਏ ਕੈਂਪ ਦੀ ਸ਼ੁਰੂਆਤ ਕਰਦਿਆਂ ਡਾ. ਗੌਰਵ ਜੈਨ , ਖੇਤੀਬਾੜੀ ਵਿਕਾਸ ਅਫਸਰ, ਸ਼ੇਖਪੁਰਾ ਵੱਲੋਂ ਆਏ ਹੋਏ ਸਮੂਹ ਕਿਸਾਨਾਂ ਨੂੰ ਜੀ ਆਇਆ ਆਖਿਆ ਗਿਆ ਅਤੇ ਕੈਂਪ ਦੇ ਮੁੱਖ ਮੰਤਵ ਤੋਂ ਜਾਣੂ ਕਰਵਾਇਆ ਗਿਆ। ਉਨਾਂ ਵੱਲੋਂ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਮਿੱਟੀ ਅਤੇ ਪਾਣੀ ਦੀ ਸਿਹਤ ਅਤੇ ਪਰਖ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਉਪਰੰਤ ਕਿਸਾਨਾਂ ਨਾਲ ਨਰਮੇ ਦੀ ਫਸਲ ਸਬੰਧੀ ਢੁੱਕਵੀਂ ਜਾਣਕਾਰੀ ਸਾਂਝੀ ਕਰਦਿਆਂ ਕੀੜੇ-ਮਕੌੜੇ ਅਤੇ ਉਹਨਾਂ ਦੇ ਸਰਵੇਖਣ ਸਬੰਧੀ ਅਤੇ ਬੀਜ ਦੀ ਸਬਸਿਡੀ ਅਪਲਾਈ ਕਰਨ ਬਾਰੇ ਤਕਨੀਕੀ ਜਾਣਕਾਰੀ ਦਿੱਤੀ ਗਈ ਅਤੇ ਨਾਲ ਹੀ ਝੋਨੇ ਦੀ ਫਸਲ ਸਿੱਧੀ ਬਿਜਾਈ ਸਬੰਧੀ ਅਤੇ ਝੋਨੇ ਦੀ ਫਸਲ ਸੰਬੰਧੀ ਵਿਸਥਾਰ ਵਿੱਚ ਜਾਣਕਾਰੀ ਸਾਂਝੀ ਕਰਦਿਆਂ ਕਿਸਾਨਾਂ ਨਾਲ ਝੋਨੇ ਦੀ ਪਨੀਰੀ ਬੀਜਣ ਦੀ ਪ੍ਰਕਿਰਿਆ ਸਬੰਧੀ ਵਿਸ਼ੇਸ਼ ਤੌਰ 'ਤੇ ਤਕਨੀਕੀ ਜਾਣਕਾਰੀ ਸਾਂਝੀ ਕੀਤੀ ਗਈ। ਇਸ ਤੋ ਇਲਾਵਾ ਕਿਸਾਨਾਂ ਨੂੰ ਪਕਾਵੀਂ ਮੱਕੀ ਦੀ ਕਾਸ਼ਤ ਲਈ ਪ੍ਰੇਰਿਤ ਕਰਦਿਆਂ ਸਚੁੱਜੇ ਫਸਲ ਪ੍ਰਬੰਧਨ ਲਈ ਅਹਿਮ ਨੁਕਤੇ ਸਾਝੇ ਕੀਤੇ ਅਤੇ ਕਿਸਾਨਾਂ ਨੂੰ ਫਾਰਮਰ ਆਈ.ਡੀ ਬਣਾਉਣ ਲਈ ਅਪੀਲ ਕੀਤੀ ਅਤੇ ਮੌਕੇ ਤੇ ਆਏ ਕਿਸਾਨ ਵੀਰਾਂ ਦੀ ਆਈ.ਡੀ ਬਣਾਈ ਗਈ। ਇਸ ਉਪਰੰਤ ਕੈਪ ਵਿੱਚ ਕਿਸਾਨਾਂ ਦੇ ਸਵਾਲਾਂ ਦੇ ਖੇਤੀਬਾੜੀ ਵਿਕਾਸ ਅਫ਼ਸਰ ਵੱਲੋਂ ਢੁਕਵੇਂ ਜਵਾਬ ਦਿੱਤੇ ਗਏ। ਇਸ ਮੌਕੇ ਜਸਪ੍ਰੀਤ ਸਿੰਘ ਬੇਲਦਾਰ ਨੇ ਕੈਪ ਨੂੰ ਸੰਪੂਰਨ ਕਰਨ ਵਿੱਚ ਵਿਸ਼ੇਸ਼ ਯੋਗਦਾਨ ਪਾਇਆ। ਅੰਤ ਵਿੱਚ ਇਸ ਕੈਂਪ ਦੌਰਾਨ ਸਮੂਲੀਅਤ ਕਰਨ ਵਾਲੇ ਸਮੂਹ ਕਿਸਾਨ ਭਰਾਵਾਂ ਦਾ ਧੰਨਵਾਦ ਕੀਤਾ ਗਿਆ।

# "ਹਾਲੀਆ ਰੇਲ ਅੱਗ ਕਾਂਡਾਂ ਪਿੱਛੇ ਤੋੜਫੋੜ ਦਾ ਸ਼ੱਕ, ਭਾਰਤੀ ਰੇਲਵੇ ਨੇ 'ਅਸਮਾਜਿਕ ਤੱਤਾਂ' ਵੱਲ ਕੀਤਾ ਇਸ਼ਾਰਾ"



ਨਵੀਂ ਦਿੱਲੀ 20 ਮਈ (ਮਨਪ੍ਰੀਤ ਸਿੰਘ ਖਾਲਸਾ): ਭਾਰਤੀ ਰੇਲਵੇ ਨੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਹਾਲ ਹੀ ਵਿੱਚ ਹੋਈਆਂ ਟ੍ਰੇਨ ਅੱਗ ਦੀਆਂ ਘਟਨਾਵਾਂ ਨੂੰ ਸੰਭਾਵਿਤ ਸਾਜ਼ਿਸ਼ ਕਰਾਰ ਦਿੱਤਾ ਹੈ। ਰੇਲ ਮੰਤਰਾਲੇ ਨੇ ਬੁੱਧਵਾਰ ਨੂੰ ਕਿਹਾ ਕਿ ਸ਼ੁਰੂਆਤੀ ਜਾਂਚ ਵਿੱਚ "ਅਸਾਮਾਜਿਕ ਤੱਤਾਂ" ਦੀ ਭੂਮਿਕਾ ਦੇ ਸੰਕੇਤ ਮਿਲੇ ਹਨ। ਹਾਲੀਆ ਦਿਨਾਂ ਵਿੱਚ ਅਮਰਪੁਰਾ, ਕੋਟਾ, ਸਸਾਰਾਮ ਅਤੇ ਹਾਵੜਾ ਵਿੱਚ ਟ੍ਰੇਨਾਂ ਦੇ ਡੱਬਿਆਂ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਸਾਹਮਣੇ ਆਈਆਂ ਹਨ। ਸਭ ਤੋਂ ਤਾਜ਼ਾ ਮਾਮਲਾ ਹਾਵੜਾ ਸਟੇਸ਼ਨ 'ਤੇ ਖੜ੍ਹੀ ਮਿਥਿਲਾ ਐਕਸਪ੍ਰੈੱਸ ਦਾ ਹੈ, ਜਿੱਥੇ ਇਕ ਕੋਚ ਵਿੱਚ ਅੱਗ ਲੱਗਣ ਤੋਂ ਬਾਅਦ ਜਾਂਚ ਦੌਰਾਨ ਬਾਥਰੂਮ ਵਿਚੋਂ ਪੈਟਰੋਲ ਨਾਲ ਭਿੱਜਿਆ ਅੱਧ-ਸੜਿਆ ਕੱਪੜਾ ਬਰਾਮਦ ਹੋਇਆ। ਰੇਲ ਮੰਤਰਾਲੇ ਨੇ ਬਿਆਨ ਜਾਰੀ ਕਰਦੇ ਹੋਏ ਕਿਹਾ ਕਿ ਰੇਲਵੇ ਕਰਮਚਾਰੀਆਂ ਨੇ ਤੁਰੰਤ ਕਾਰਵਾਈ ਕਰਕੇ ਅੱਗ 'ਤੇ ਕਾਬੂ ਪਾ ਲਿਆ ਅਤੇ ਵੱਡਾ ਹਾਦਸਾ ਟਲ ਗਿਆ। ਮੰਤਰਾਲੇ ਮੁਤਾਬਕ ਸ਼ੁਰੂਆਤੀ ਤੱਥ ਇਹ ਦਰਸਾਉਂਦੇ ਹਨ ਕਿ ਕੁਝ ਅਸਾਮਾਜਿਕ ਤੱਤ ਯਾਤਰੀਆਂ ਵਿੱਚ ਡਰ ਅਤੇ ਅਫਰਾਤਫਰੀ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਰੇਲਵੇ ਪ੍ਰੋਟੈਕਸ਼ਨ ਫੋਰਸ (ਆਰਪੀਐਫ) ਅਤੇ ਹੋਰ ਜਾਂਚ ਏਜੰਸੀਆਂ ਮਾਮਲਿਆਂ ਦੀ ਗੰਭੀਰਤਾ ਨਾਲ ਜਾਂਚ ਕਰ ਰਹੀਆਂ ਹਨ। 17 ਮਈ ਨੂੰ ਤਿਰੁਵਨੰਤਪੁਰਮ- ਹਜ਼ਰਤ ਨਿਜ਼ਾਮੁੱਦੀਨ ਰਾਜਧਾਨੀ ਐਕਸਪ੍ਰੈੱਸ ਵਿੱਚ ਵੀ ਅੱਗ ਲੱਗੀ ਸੀ। ਇਹ ਘਟਨਾ ਮੱਧ ਪ੍ਰਦੇਸ਼ ਦੇ ਰਤਲਾਮ ਜ਼ਿਲ੍ਹੇ ਵਿੱਚ ਸਵੇਰੇ ਕਰੀਬ 5:30 ਵਜੇ ਵਾਪਰੀ। ਰੇਲਵੇ ਅਧਿਕਾਰੀਆਂ ਦੇ ਅਨੁਸਾਰ ਅੱਗ ਦੀਆਂ ਲਪਟਾਂ ਸਭ ਤੋਂ ਪਹਿਲਾਂ ਕੋਚ ਦੇ ਬਾਥਰੂਮ ਇਲਾਕੇ ਵਿੱਚ ਦੇਖੀਆਂ ਗਈਆਂ। ਇਸ ਤੋਂ ਇਲਾਵਾ ਰਾਜਸਥਾਨ ਦੇ ਅਮਰਪੁਰਾ ਨੇੜੇ ਬਿਸਤਰੇ ਦੇ ਸਮਾਨ ਨੂੰ ਅੱਗ ਲਗਾਉਣ ਦੀ ਕੋਸ਼ਿਸ਼ ਹੋਈ। ਸਸਾਰਾਮ ਵਿੱਚ ਇਕ ਖਾਲੀ ਕੋਚ ਵਿੱਚ ਕਿਸੇ ਅਣਪਛਾਤੇ ਵਿਅਕਤੀ ਵੱਲੋਂ ਸੜਦੀ ਚੀਜ਼ ਸੁੱਟਣ ਦੀ ਘਟਨਾ ਵੀ ਸਾਹਮਣੇ ਆਈ। ਰੇਲਵੇ ਨੇ ਯਾਤਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਸਚੇਤ ਰਹਿਣ ਅਤੇ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਤੁਰੰਤ ਜਾਣਕਾਰੀ ਰੇਲਵੇ ਹੈਲਪਲਾਈਨ 139 'ਤੇ ਦੇਣ।

## ਰਮਨਦੀਪ ਕੌਰ ਸਾਥੀਆਂ ਸਮੇਤ ਕਾਂਗਰਸ ਛੱਡ ਕੇ ਆਪ ਹੋਏ ਸਾਮਿਲ, ਓਐਸਡੀ ਸੁੱਖੀ ਨੇ ਕੀਤਾ ਸਵਾਗਤ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਤੋਂ ਖੁਸ਼ ਹੋ ਕੇ ਕਾਂਗਰਸ ਪਾਰਟੀ ਦੀ ਰਮਨਦੀਪ ਕੌਰ ਮੈਂਬਰ ਬਲਾਕ ਸੰਮਤੀ ਆਪਣੇ ਸਾਥੀਆਂ ਸਮੇਤ ਚੇਅਰਮੈਨ ਰਣਜੋਧ ਸਿੰਘ ਕਾਂਝਲਾ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ। ਪਾਰਟੀ ਵਿੱਚ ਸ਼ਾਮਿਲ ਹੋਣ ਤੇ ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਕੀਤਾ ਸਵਾਗਤ । ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ 4 ਸਾਲਾਂ ਵਿੱਚ ਹੋਏ ਕੰਮਾਂ ਨੂੰ ਦੇਖਦਿਆਂ ਲੋਕ ਆਪ ਮੁਹਾਰੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ। ਪਾਰਟੀ ਵਿੱਚ ਸ਼ਾਮਿਲ ਹੋਣ ਆਗੂਆਂ ਨੂੰ ਪਾਰਟੀ ਵਿੱਚ ਪੂਰਾ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਸਤਿਨਾਮ ਸਿੰਘ ਢਢੋਗਲ, ਸਰਪੰਚ ਹਰਪ੍ਰੀਤ ਸਿੰਘ ਖੇੜੀ ਜੱਟਾਂ, ਮਾਣਾ ਗਰੇਵਾਲ, ਚੀਨੂ ਧੀਰ, ਨਵਜੋਤ ਕੌਰ, ਰਮਨਦੀਪ ਕੌਰ ਘਨੌਰੀ ਕਲਾਂ, ਨੀਟਾ ਧੂਰੀ ਪਿੰਡ, ਸਰਪੰਚ ਗੁਰਸੇਵਕ ਸਿੰਘ ਕੁੰਭੜਵਾਲ ਹਾਜ਼ਰ ਸਨ।

## ਪੰਨੂ ਵਲਜੋਤ ਵੱਲੋਂ ਵਾਰਡ ਨੰਬਰ 17 ਵਿੱਚ ਸਰਗਰਮੀਆਂ ਤੇਜ਼ ਕੀਤੀਆਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਦੀ ਅਗਵਾਈ ਹੇਠ ਵਾਰਡ ਨੰਬਰ 17 ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਪੰਨੂ ਬਲਜੋਤ ਵੱਲੋਂ ਆਪਣੀਆਂ ਸਰਗਰਮੀਆਂ ਤੇਜ਼ ਕੀਤੀਆਂ ਹੋਈਆਂ ਹਨ। ਉਹਨਾਂ ਵੱਲੋਂ ਘਰ ਘਰ ਜਾ ਕੇ ਭਾਰਤੀ ਜਨਤਾ ਪਾਰਟੀ ਦੇ ਲਈ ਵੋਟਾਂ ਮੰਗੀਆਂ ਜਾ ਰਹੀਆਂ ਹਨ। ਲੋਕਾਂ ਵੱਲੋਂ ਉਹਨਾਂ ਨੂੰ ਭਰਭੂਰ ਸਮਰਥਨ ਮਿਲ ਰਿਹਾ ਹੈ। ਇਸ ਮੌਕੇ ਭਾਜਪਾ ਉਮੀਦਵਾਰ ਪੰਨੂ ਬਲਜੋਤ ਨੇ ਕਿਹਾ ਕਿ ਉਹ ਵਾਰਡ ਦੇ ਵਿਕਾਸ ਲਈ ਅਤੇ ਲੋਕਾਂ ਦੀ ਸੇਵਾ ਵਿੱਚ ਹਰ ਵਕਤ ਹਾਜ਼ਰ ਰਹਿੰਦੇ ਹਨ। ਲੋਕਾਂ ਵੱਲੋਂ ਉਹਨਾਂ ਨੂੰ ਬਹੁਤ ਜਿਆਦਾ ਪਿਆਰ ਮਿਲ ਰਿਹਾ ਹੈ। ਵਾਰਡ ਵਾਸੀਆ ਵੱਲੋਂ ਉਹਨਾਂ ਨੂੰ ਬਹੁਤ ਜਿਆਦਾ ਪਿਆਰ ਮਿਲ ਰਿਹਾ ਹੈ, ਆਉਣ ਵਾਲੀ 26 ਮਈ ਨੂੰ ਭਾਰਤੀ ਜਨਤਾ ਪਾਰਟੀ ਦੇ ਹੱਕ ਵਿੱਚ ਫਤਵਾ ਦੇ ਕੇ ਵਾਰਡ ਨੰਬਰ 17 ਦੇ ਵਾਸੀ ਮੈਨੂੰ ਕਾਮਯਾਬ ਬਣਾਉਣਗੇ।

### ਦਮਦਮੀ ਟਕਸਾਲ ਭਿੰਡਰਾਂ ਮਹਿਤਾ ਨੇ

# ਧਰਦਿਉ ਦੇ ਗੁਰਦੁਆਰਾ ਸਾਹਿਬ ਵਿਖੇ ਸਜਾਏ ਦੀਵਾਨ







**ਚੌਕ ਮਹਿਤਾ, 20 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ (ਜਥਾ ਭਿੰਡਰਾਂ ਮਹਿਤਾ) ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਦੇ ਵਿਚ ਜੂਨ 1984 ਦੇ ਸਮੂਹ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ 42ਵਾਂ ਮਹਾਨ ਸ਼ਹੀਦੀ ਜੋੜ ਮੇਲਾ 6 ਜੂਨ ਨੂੰ ਅੰਤਰਰਾਸ਼ਟਰੀ ਪੱਧਰ ’ਤੇ ਮਨਾਇਆ ਜਾਵੇਗਾ। ਇਸ ਤੀਸਰਾ ਘੱਲੂਘਾਰਾ ਦੇ ਸ਼ਹੀਦਾਂ ਦੀ ਯਾਦ ਦੇ ਵਿਚ ਸਜਾਏ ਜਾ ਰਹੇ ਦੀਵਾਨਾਂ ਦੀ ਲੜੀ ਦੇ ਤਹਿਤ ਅੱਜ ਦੇ ਦੀਵਾਨ ਪਿੰਡ ਧਰਦਿਉ ਦੇ ਗੁਰਦੁਆਰਾ ਸਾਹਿਬ ਵਿਖੇ ਸਜਾਏ ਗਏ। ਜਿਸ ਦੌਰਾਨ ਟਕਸਾਲ ਦੇ ਹਜ਼ੂਰੀ ਰਾਗੀ ਜੱਥੇ ਨੇ ਤੰਤੀ ਸਾਜਾ ਦੇ ਨਾਲ ਰਸ ਭਿੰਨੜਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ।ਉਪਰੰਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਦੀਵਾਨ ਦੇ ਵਿਚ ਜੁੜੀਆਂ ਸੰਗਤਾਂ ਨੂੰ ਛੇਵੇਂ ਪਾਤਸ਼ਾਹ ਦੇ ਜੀਵਨ ਸਫ਼ਰ ਨਾਲ ਸਬੰਧਤ ਪਾਵਨ ਗੁਰ ਇਤਿਹਾਸ ਸਰਵਨ ਕਰਵਾ ਕੇ ਨਿਹਾਲ ਕੀਤਾ। ਗਿਆਨੀ ਖਾਲਸਾ ਨੇ ਆਖਿਆ ਕਿ ਸਿੱਖ ਅਤੇ ਪੰਥ ਵਿਰੋਧੀ ਤਾਕਤਾਂ ਸਿੱਖੀ ਨੂੰ ਕਮਜੋਰ ਕਰਨ ਲਈ ਦਿਨ ਰਾਤ ਯਤਨਸ਼ੀਲ ਹਨ, ਇਸ ਲਈ ਸਾਨੂੰ ਇਨ੍ਹਾਂ ਪੰਥ ਦੋਖੀਆਂ ਤੋਂ ਸੁਚੇਤ ਰਹਿਣ ਦੀ ਲੋੜ ਹੈ। ਆਓ ਸਾਰੇ ਅੰਮ੍ਰਿਤ ਛੱਕ ਕੇ ਸਿੰਘ ਸੱਜੀਏ ਅਤੇ ਆਪਣੇ ਧਰਮ ਵਿਚ ਪ੍ਰਪੱਕ ਰਹਿ ਕੇ ਸਿੱਖੀ ਨੂੰ ਹੋਰ ਮਜ਼ਬੂਤ ਕਰੀਏ। ਸਮਾਗਮ ਦੇ ਅਖੀਰ ਵਿਚ ਪ੍ਰਬੰਧਕਾਂ ਨੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੇ ਸਤਿਕਾਰ ਵਿਚ ਸਿਰੋਪਾਓ ਤੇ ਦੁਸ਼ਾਲਾ ਭੇਟ ਕੀਤਾ। ਇਸ ਮੌਕੇ ਜਥੇ. ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਚੌਕ ਮਹਿਤਾ, ਜਥੇ. ਬਾਬਾ ਬੋਹੜ ਸਿੰਘ, ਗਿਆਨੀ ਗੁਰਬਾਜ ਸਿੰਘ, ਗਿਆਨੀ ਸਾਹਿਬ ਸਿੰਘ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ, ਡਾ. ਅਵਤਾਰ ਸਿੰਘ ਬੁੱਟਰ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ, ਭਾਈ ਭਾਗ ਸਿੰਘ, ਭਾਈ ਪ੍ਰਭਜੀਤ ਸਿੰਘ, ਭਾਈ ਸਤਨਾਮ ਸਿੰਘ, ਗਿਆਨੀ ਜੋਬਨਜੀਤ ਸਿੰਘ, ਭਾਈ ਨਿਰਮਲ ਸਿੰਘ, ਗਿਆਨੀ ਮੋਹਣ ਸਿੰਘ, ਭਾਈ ਗੁਰਕਿਰਪਾਲ ਸਿੰਘ, ਭਾਈ ਜੁਝਾਰ ਸਿੰਘ,ਭਾਈ ਪ੍ਰਕਾਸ਼ ਸਿੰਘ, ਭਾਈ ਗੁਰਪ੍ਰੀਤ ਸਿੰਘ ਵੈਦ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

### ਸੁਖਬੀਰ ਸਿੰਘ ਬਾਦਲ ਨੇ

# ਹਲਕਾ ਇੰਚਾਰਜ ਰੰਧਾਵਾ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ, ਸੁਖਬੀਰ ਸਿੰਘ ਬਾਦਲ ਵੱਲੋਂ ਧੂਰੀ ਵਿਧਾਨ ਸਭਾ ਹਲਕੇ ਤੋਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਦੀ ਬੀਤੇ ਦਿਨੀ ਸਤਿਕਾਰਯੋਗ ਮਾਤਾ ਜੀ ਦੇ ਅਕਾਲ ਚਲਾਣਾ ਕਰਨ ਤੇ ਪਰਿਵਾਰ ਦੇ ਨਾਲ ਦੁੱਖ ਸਾਂਝਾ ਕਰਨ ਦੇ ਲਈ ਉਹਨਾਂ ਦੇ ਗ੍ਰਹਿ ਵਿਖੇ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸ੍ ਬਾਦਲ ਨੇ ਕਿਹਾ ਕਿ ਬਜ਼ੁਰਗਾਂ ਦਾ ਚਲੇ ਜਾਣਾ ਪਰਿਵਾਰ ਦੇ ਲਈ ਵੱਡਾ ਘਾਟਾ ਹੈ , ਬਜ਼ੁਰਗ ਪਰਿਵਾਰ ਦੇ ਲਈ ਇੱਕ ਜਿੰਦਰੇ ਤਰ੍ਹਾਂ ਹੁੰਦੇ ਹਨ ,ਬਜੁਰਗਾਂ ਜਾਣ ਤੋਂ ਬਾਅਦ ਪਰਿਵਾਰ ਅੱਧਾ ਰਹਿ ਜਾਂਦਾ ਹੈ। ਉਨ੍ਹਾਂ ਕਿਹਾ ਕਿ ਅਸੀਂ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ, ਕਿ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸੇ ਅਤੇ ਪਿੱਛੇ ਰੰਧਾਵਾ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸੇ । ਇਸ ਮੌਕੇ ਜਿਲ੍ਹਾ ਪ੍ਰਧਾਨ ਤੇਜਿੰਦਰ ਸਿੰਘ ਸੰਘਰੇੜੀ ਹਰਪਾਲ ਸਿੰਘ ਖੜਿਆਲ, ਗੁਲਜਾਰ ਸਿੰਘ ਮੂਨਕ, ਹਰਬੰਸ ਸਿੰਘ ਸੇਰਪੁਰ ਪ੍ਰਧਾਨ ਸਿੱਖ ਬੁੱਧੀਜੀਵੀ ਮੰਚ ਪੰਜਾਬ, ਸਹਿਰੀ ਪ੍ਰਧਾਨ ਸੰਜੀਵ ਕੁਮਾਰ ਪਿੰਟਾ, ਧਰਮਪਾਲ ਗਰਗ, ਕਰਮਜੀਤ ਸਿੰਘ ਪੁੰਨਾਵਾਲ, ਗੁਰਦਿਆਲ ਸਿੰਘ ਕਾਂਝਲਾ, ਜਸਦੇਵ ਸਿੰਘ ਜੱਸਾ, ਅਜਮੇਰ ਸਿੰਘ ਘਨੌਰੀ, ਸਰਬਨ ਸਿੰਘ ਮੱਲੂਮਾਜਰਾ, ਹਰਨੇਕ ਸਿੰਘ ਦੀਵਾਨਾ, ਸਰਬਜੀਤ ਸਿੰਘ ਲਾਡੀ, ਫੌਜੀ ਰਾਮ ਸਿੰਘ ਜਗਰੂਪ ਸਿੰਘ, ਚਰਨਜੀਤ ਕੌਰ ਹਾਜ਼ਰ ਸਨ।

# ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੇ ਵਾਰਡ ਨੰਬਰ 1 ਅਤੇ 20 ਦੇ ਉਮੀਦਵਾਰਾਂ ਦੇ ਦਫ਼ਤਰਾਂ ਦਾ ਕੀਤਾ ਉਦਘਾਟਨ




**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਵੱਲੋਂ ਧੂਰੀ ਦੇ ਵੱਖ-ਵੱਖ ਵਾਰਡਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਤੱਕੜੀ ਚੋਣ ਨਿਸ਼ਾਨ ਤੇ ਚੋਣ ਲੜ ਰਹੇ ਵਾਰਡ ਨੰਬਰ 20 ਤੋਂ ਜਗਰੂਪ ਸਿੰਘ ਅਤੇ ਵਾਰਡ ਨੰਬਰ 1 ਤੋਂ ਚੋਣ ਲੜ ਰਹੇ ਬੀਬੀ ਚਰਨਜੀਤ ਕੌਰ ਦੇ ਦਫਤਰ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਹੋਇਆ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੇ ਕਿਹਾ ਹ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਦੇ ਹੇਠ ਲੜੀਆਂ ਜਾ ਰਹੀਆਂ ਮਿਊਸੀਪਲ ਕਮੇਟੀ ਚੋਣਾਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਵੱਡੇ ਮਾਰਜਨ ਨਾ ਜਿੱਤ ਕੇ ਇਤਿਹਾਸ ਬਣਾਉਣਗੇ ਅਤੇ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਦਾ ਮੁੱਢ ਬੰਨਣਗੇ। ਇਸ ਮੌਕੇ ਸ੍ਰੋਮਣੀ ਅਕਾਲੀ ਦਲ ਦੇ ਬੁਲਾਰੇ ਡਾਕਟਰ ਕਰਨਵੀਰ ਸਿੰਘ ਸੇਰਪੁਰ, ਸਹਿਰੀ ਪ੍ਰਧਾਨ ਸੰਜੀਵ ਕੁਮਾਰ ਪਿੰਟਾ, ਫੌਜੀ ਰਾਮ ਸਿੰਘ, ਹਰਨੇਕ ਸਿੰਘ ਦੀਵਾਨਾ, ਸਰਬਨ ਸਿੰਘ ਮੱਲੂਮਾਜਰਾ, ਗੁਰਦਿਆਲ ਸਿੰਘ ਕਾਂਝਲਾ, ਮਿੱਠੇ ਲੱਡਾ, ਸਰਬਜੀਤ ਸਿੰਘ ਕਾਤਰੋਂ ਹਾਜਰ ਸਨ।

# ਗੁਰੂ ਤੇਗ ਬਹਾਦੁਰ ਇੰਜੀਨੀਅਰਿੰਗ ਕਾਲਜ ਅੰਦਰ ਕਾਲਜ ਦੇ ਅਧਿਆਪਕਾ ਅਤੇ ਸਟਾਫ ਵਿੱਚ ਧਾਰਮਿਕ ਚੇਤਨਾ ਅਤੇ ਇਤਿਹਾਸਕ ਸੂਝ ਜਗਾਉਣ ਵਾਲਾ ਸੈਮਿਨਾਰ



**ਨਵੀਂ ਦਿੱਲੀ 20 ਮਈ (ਮਨਪ੍ਰੀਤ ਸਿੰਘ ਖਾਲਸਾ)**:- ਗੁਰੂ ਤੇਗ ਬਹਾਦਰ ਇੰਜੀਨਿਅਰਿੰਗ ਕਾਲਜ ਵਿੱਚ ਕਰਵਾਏ ਗਏ ਇੱਕ ਪ੍ਰੇਰਣਾਦਾਇਕ ਸੈਮਿਨਾਰ ਦੌਰਾਨ ਸੁਖਪ੍ਰੀਤ ਸਿੰਘ ਉਦੋਕੇ ਨੇ ਸਿੱਖ ਇਤਿਹਾਸ ਅਤੇ ਵਿਰਾਸਤ ਨਾਲ ਜੁੜਨ ਦਾ ਸੱਦਾ ਦਿੱਤਾ। ਇਸ ਮੌਕੇ ਕਾਲਜ ਦੇ ਚੇਅਰਮੈਨ ਅਤੇ ਦਿੱਲੀ ਕਮੇਟੀ ਦੇ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਨੇ ਦੱਸਿਆ ਕਿ ਸੁਖਪ੍ਰੀਤ ਸਿੰਘ ਉਦੋਕੇ ਨੇ ਆਪਣੇ ਵਿਚਾਰਾਂ ਰਾਹੀਂ ਕਾਲਜ ਦੇ ਅਧਿਆਪਕਾ ਅਤੇ ਸਟਾਫ ਵਿੱਚ ਧਾਰਮਿਕ ਚੇਤਨਾ, ਇਤਿਹਾਸਕ ਸੂਝ ਅਤੇ ਕੌਮੀ ਮਾਣ ਦੀ ਭਾਵਨਾ ਨੂੰ ਮਜ਼ਬੂਤ ਕਰਨ ਦਾ ਯਤਨ ਕੀਤਾ। ਉਨ੍ਹਾਂ ਦੇ ਸੰਬੋਧਨ ਨੂੰ ਕਾਲਜ ਦੇ ਅਧਿਆਪਕਾ ਅਤੇ ਸਟਾਫ ਵੱਲੋਂ ਬਹੁਤ ਧਿਆਨ ਅਤੇ ਉਤਸ਼ਾਹ ਨਾਲ ਸੁਣਿਆ ਗਿਆ। ਸੈਮਿਨਾਰ ਦੌਰਾਨ ਸੁਖਪ੍ਰੀਤ ਸਿੰਘ ਉਦੋਕੇ ਨੇ ਗੁਰੂ ਸਾਹਿਬਾਨਾਂ ਦੀਆਂ ਉੱਚੀਆਂ ਸਿਖਿਆਵਾਂ, ਸਿੱਖ ਕੌਮ ਦੀ ਸ਼ਾਨਦਾਰ ਵਿਰਾਸਤ ਅਤੇ ਕੁਰਬਾਨੀਆਂ ਭਰੇ ਇਤਿਹਾਸ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ। ਉਨ੍ਹਾਂ ਨੇ ਅਪੀਲ ਕੀਤੀ ਕਿ ਉਹ ਆਪਣੀ ਮੂਲ ਪਛਾਣ, ਸੱਭਿਆਚਾਰ ਅਤੇ ਇਤਿਹਾਸ ਨਾਲ ਸਦਾ ਜੁੜੇ ਰਹਿਣ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਵੀ ਸਿੱਖੀ ਦੇ ਅਸੂਲਾਂ ਤੋਂ ਪ੍ਰੇਰਣਾ ਲੈਂਦੀਆਂ ਰਹਿਣ। ਸੈਮਿਨਾਰ ਨੇ ਕਾਲਜ ਦੇ ਅਧਿਆਪਕਾ ਅਤੇ ਸਟਾਫ ਵਿੱਚ ਨਵਾਂ ਜੋਸ਼ ਅਤੇ ਆਪਣੇ ਧਰਮ ਪ੍ਰਤੀ ਹੋਰ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕੀਤੀ। ਸੈਮਿਨਾਰ ਦੇ ਅੰਤ ਵਿੱਚ ਕਾਲਜ ਪ੍ਰਬੰਧਕਾਂ ਅਤੇ ਹਾਜ਼ਰ ਸ਼ਖਸੀਅਤਾਂ ਵੱਲੋਂ ਸੁਖਪ੍ਰੀਤ ਸਿੰਘ ਉਦੋਕੇ ਦਾ ਧੰਨਵਾਦ ਕੀਤਾ ਗਿਆ। ਕਾਲਜ ਦੇ ਅਧਿਆਪਕਾ ਅਤੇ ਸਟਾਫ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਉਨ੍ਹਾਂ ਨੂੰ ਨਾ ਸਿਰਫ਼ ਆਪਣੇ ਇਤਿਹਾਸ ਅਤੇ ਧਰਮ ਬਾਰੇ ਜਾਣਕਾਰੀ ਦਿੰਦੇ ਹਨ, ਸਗੋਂ ਜੀਵਨ ਵਿੱਚ ਚੰਗੇ ਮੁੱਲ ਅਪਣਾਉਣ ਲਈ ਵੀ ਪ੍ਰੇਰਿਤ ਕਰਦੇ ਹਨ। ਸਮਾਗਮ ਦਾ ਮਾਹੌਲ ਪੂਰੀ ਤਰ੍ਹਾਂ ਰੂਹਾਨੀ ਅਤੇ ਉਤਸ਼ਾਹ ਭਰਿਆ ਰਿਹਾ, ਜਿੱਥੇ ਹਾਜ਼ਰੀਨ ਨੇ ਸਿੱਖ ਵਿਰਾਸਤ ਨੂੰ ਅੱਗੇ ਲੈ ਕੇ ਜਾਣ ਦਾ ਸੰਕਲਪ ਵੀ ਕੀਤਾ। ਇਸ ਮੌਕੇ ਕਾਲਜ ਦੇ ਕੋ ਚੇਅਰਮੈਨ ਅਤੇ ਦਿੱਲੀ ਕਮੇਟੀ ਮੈਂਬਰ ਅਮਰਜੀਤ ਸਿੰਘ ਪੱਪੂ ਦੇ ਨਾਲ ਰਮਿੰਦਰ ਸਿੰਘ ਸਵੀਟਾ ਅਤੇ ਕਾਲਜ ਦੇ ਡਾਇਰੈਕਟਰ ਬੀਬੀ ਰੋਮਿੰਦਰ ਕੌਰ ਵੀ ਹਾਜਿਰ ਸਨ ਜਿਨ੍ਹਾਂ ਨੇ ਇਸ ਪ੍ਰੋਗਰਾਮ ਨੂੰ ਕਰਵਾਣ ਵਿਚ ਮਦਦ ਲਈ ਗੁਰੂ ਗੋਬਿੰਦ ਸਿੰਘ ਸਟਡੀ ਸਰਕਲ ਦੀ ਸਮੁੱਚੀ ਟੀਮ ਦਾ ਉਚੇਚੇ ਤੌਰ ਤੇ ਧੰਨਵਾਦ ਕੀਤਾ।


# ਸਤਨਾਮ ਸਿੰਘ ਗਿੱਲ ਨੂੰ ਮਿਲੀ ਸਿਆਸਤ ’ਚ ਅਹਿਮ ਜਿੰਮੇਵਾਰੀ, ਸਹਿਜਧਾਰੀ ਸਿੱਖ ਪਾਰਟੀ ਦੇ ਸੀਨੀਅਰ ਵਾਈਸ ਪ੍ਰਧਾਨ ਪੰਜਾਬ ਯੂਨਿਟ ਉਮੀਦਵਾਰ ਚੋਣ ਕਮੇਟੀ ’ਚ ਬਣਾਇਆ ਮੈਂਬਰ



**ਚੌਕ, 20 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਬਿਨਾ ਨਸਲੀ ਵੱਖਰੇਵੇਂ ,ਬਿਨਾ ਕਿਸੇ ਭਿੰਨ ਭੇਦ ਮਾਨਸ ਕੀ ਜਾਤਿ ਸਭੈ ਇਕੋ ਪਹਿਚਾਨਬੋ ਦੇ ਸੰਕੰਲਪ ਨੂੰ ਸਮਰਪਿਤ ਤੇ ਸਮੂਹਿਕ ਤੌਰ ‘ਤੇ ਮਨੁੱਖਤਾ ਦੀ ਅਗਵਾਈ ਕਰਦੀ ਆ ਰਹੀ ਸਹਿਜਧਾਰੀ ਸਿੱਖ ਪਾਰਟੀ ਦੇ ਕੌਮੀਂ ਪ੍ਰਧਾਨ ਡਾਕਟਰ ਪਰਮਜੀਤ ਸਿੰਘ ਰਾਣੂੰ ਨੇ ਪਾਰਟੀ ਦੇ ਜਥੇਬੰਦਕ ਢਾਂਚੇ ’ਚ ਇਜ਼ਾਫਾ ਕਰਦਿਆਂ ਸਾਬਕਾ ਸੰਪਾਦਕ ਸ ਸਤਨਾਮ ਸਿੰਘ ਗਿੱਲ ਨੂੰ ਸਹਿਜਧਾਰੀ ਸਿੱਖ ਪਾਰਟੀ ਦੇ ਸੂਬਾਈ ਸੀਨੀਅਰ ਵਾਈਸ ਪ੍ਰਧਾਨ ਪੰਜਾਬ ਵਜੋਂ ਨਿਯੁਕਤ ਕਰ ਦਿੱਤਾ ਹੈ ।ਅੱਜ ਪਾਰਟੀ ਦੇ ਹੈਡਕੁਆਰਟਰ ਤੋਂ ਜਾਰੀ ਪ੍ਰੈਸ ਬਿਆਨ ’ਚ ਡਾ ਪਰਮਜੀਤ ਸਿੰਘ ਰਾਣੂੰ ਨੇ ਦੱਸਿਆ ਹੈ ਕਿ ਮੀਡੀਆ ਖੇਤਰ ‘ਚ ਅਤੇ ਸਮਾਜ ਸੇਵਾ ਵਿੱਚ ਵਿਚਰਨ ਵਾਲੇ ਸ ਸਤਨਾਮ ਸਿੰਘ ਗਿੱਲ ਨੂੰ ਸਹਿਜਧਾਰੀ ਸਿੱਖ ਪਾਰਟੀ ਦੇ ਪੰਜਾਬ ਯੂਨਿਟ ਦੇ ਸੀਨੀਅਰ ਵਾਈਸ ਪ੍ਰਧਾਨ ਵਜੋਂ ਜਿੰਮੇਵਾਰੀ ਸੌਂਪਦੇ ਹੋਏ, ਸਾਲ 2027 ਵਿੱਚ ਪੰਜਾਬ ਰਾਜ ’ਚ ਵਿਧਾਨ ਸਭਾ ਦੀਆਂ ਹੋਣ ਵਾਲੀਆਂ ਅਗਾਮੀਂ ਚੋਣਾਂ ਵਿੱਚ ਉਮੀਦਵਾਰਾਂ ਦੀ ਚੋਣ ਅਤੇ ਸਿਫਾਰਸ਼ ਕਰਨ ਵਾਲੀ ਮਹੱਤਵਪੂਰਣ ਕਮੇਟੀ ਦਾ ਮੈਂਬਰ ਨਾਮਜ਼ਦ ਕਰ ਦਿੱਤਾ ਗਿਆ ਹੈ । ਉਹਨਾ ਨੇ ਦੱਸਿਆ ਕਿ ਪੰਜਾਬ ਭਰ ’ਚ ਸ ਸਤਨਾਮ ਸਿੰਘ ਗਿੱਲ ਪਾਰਟੀ ਦੀ ਮਜਬੂਤੀ ਲਈ ਬੂਥ ਪੱਧਰ ਤੋਂ ਲੈਕੇ ਰਾਜ ਪੱਧਰ ਤੇ ਪਾਰਟੀ ਦਾ ਜਨ ਆਧਾਰ ਮਜਬੂਤ ਬਣਾਉਂਣ ਲਈ ਅਹਿਮ ਭੂਮਿਕਾ ਨਿਭਾਉਂਣਗੇ। ਡਾ ਪਰਮਜੀਤ ਸਿੰਘ ਰਾਣੂੰ ਨੇ ਦੱਸਿਆ ਕਿ 117 ਹਲਕਿਆਂ, 197 ਬਲਾਕਾਂ,ਨਗਰ ਨਿਗਮਾ ਜਿਲਾ ਪੱਧਰ ਤੇ ਪਾਰਟੀ ਦੇ ਕੇਡਰ ਨੂੰ ਮਜਬੂਤ ਕਰਨ ਲਈ ਵਲੰਟੀਅਰਾਂ ਅਤੇ ਲੀਡਰਸ਼ਿਪ ਨੂੰ ਉਤਸ਼ਾਹਤ ਕਰਨਗੇ।

### ਤੀਸਰੇ ਘੱਲਘਘਾਰੇ ਨੂੰ ਸਮਰਪਿਤ 6 ਜੂਨ ਦੇ ਸ਼ਹੀਦੀ ਸਮਾਗਮ ਸਬੰਧੀ ਵਿਸ਼ੇਸ਼ ਇਕੱਤਰਤਾ

# ਕੌਮ ਖਾਤਿਰ ਸ਼ਹਾਦਤਾਂ ਦੇਣ ਵਾਲਿਆਂ ਦੀ ਯਾਦ ਨੂੰ ਸਦਾ ਲਈ ਜੀਵੰਤ ਰੱਖਣਾ ਪੰਥ ਦੀ ਸਾਂਝੀ ਜ਼ਿੰਮੇਵਾਰੀ-ਸੰਤ ਗਿ.ਹਰਨਾਮ ਸਿੰਘ ਖਾਲਸਾ















**ਚੌਕ ਮਹਿਤਾ,20 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਵੱਲੋਂ ਗੁਰਧਾਮਾਂ ਦੀ ਰੱਖਿਆ ਲਈ ਸ਼ਹਾਦਤਾਂ ਪਾਉਣ ਵਾਲੇ 14ਵੀਂ ਸਦੀ ਦੇ ਅਮਰ ਸ਼ਹੀਦ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਤੇ ਉਨ੍ਹਾਂ ਨਾਲ ਬਾਬਾ ਠਾਹਰਾ ਸਿੰਘ,ਭਾਈ ਅਮਰੀਕ ਸਿੰਘ ਤੇ ਜਨਰਲ ਸੁਬੇਗ ਸਿੰਘ ਸਮੇਤ ਜੂਨ 1984 ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਬੜੀ ਸ਼ਰਧਾ ਅਤੇ ਵਿਸ਼ਾਲ ਪੱਧਰ 'ਤੇ ਮਨਾਉਣ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ ।1 ਤੋਂ 6 ਜੂਨ ਤੱਕ ਟਕਸਾਲ ਹੈੱਡ ਕੁਆਟਰ ਗੁ.ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਹੋਣ ਜਾ ਰਹੇ ਵੱਡੇ ਸ਼ਹੀਦੀ ਸਮਾਗਮਾਂ ਦੀ ਰੂਪ ਰੇਖਾ ਉਲੀਕਣ ਲਈ ਅੱਜ ਇੱਥੇ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਪ੍ਰਧਾਨਗੀ ਹੇਠ ਇੱਕ ਵਿਸ਼ੇਸ਼ ਇਕੱਤਰਤਾ ਕੀਤੀ ਗਈ।

ਇਸ ਇਕੱਤਰਤਾ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਜੂਨ 1984 ਦੌਰਾਨ ਵਾਪਰੀਆਂ ਘਟਨਾਵਾਂ ਸਿੱਖ ਕੌਮ ਲਈ ਇਕ ਅਜਿਹਾ ਦਰਦ ਹਨ, ਜਿਸ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ ਤੇ 42 ਸਾਲ ਬੀਤ ਜਾਣ ਦੇ ਬਾਵਜੂਦ ਵੀ ਉਸ ਸਮੇਂ ਦੇ ਜ਼ਖਮ ਅੱਜ ਤੱਕ ਸਿੱਖ ਮਨਾਂ 'ਚ ਤਾਜ਼ਾ ਹਨ ।ਉਨ੍ਹਾਂ ਕਿਹਾ ਕਿ ਤੀਸਰੇ ਘੱਲੂਘਾਰੇ ਦੌਰਾਨ ਆਪਣੇ ਗੁਰੂ ਧਾਮਾਂ ਦੀ ਆਣ ਬਾਣ ਲਈ ਜ਼ਾਬਰ ਹਕੂਮਤ ਦੇ ਖਿਲਾਫ ਲੜਦੇ ਹੋਏ ਸ਼ਹਾਦਤਾਂ ਦਿੱਤੀਆਂ, ਜਿਨ੍ਹਾਂ ਦੀ ਯਾਦ ਨੂੰ ਸਦਾ ਲਈ ਜੀਵੰਤ ਰੱਖਣਾ ਪੰਥ ਦੀ ਸਾਂਝੀ ਜ਼ਿੰਮੇਵਾਰੀ ਹੈ ।ਇਸ ਲਈ ਹਰ ਸਾਲ ਇਹ ਸਮਾਗਮ ਕੌਮ ਨੂੰ ਆਪਣੇ ਇਤਿਹਾਸ ਨਾਲ ਜੋੜਨ ਤੇ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਆਪਣੇ ਇਤਿਹਾਸ, ਸ਼ਹੀਦਾਂ ਦੀਆਂ ਕੁਰਬਾਨੀਆਂ ਤੇ ਪੰਥਕ ਸੰਘਰਸ਼ਾਂ ਬਾਰੇ ਜਾਣੂ ਕਰਵਾਉਣ ਦਾ ਕੰਮ ਕਰਦੇ ਹਨ।

ਇਕੱਤਰਤਾ ਦੌਰਾਨ ਵੱਖ-ਵੱਖ ਸੇਵਾ ਕਮੇਟੀਆਂ ਅਤੇ ਸੰਗਤਾਂ ਵੱਲੋਂ ਲੰਗਰਾਂ ਅਤੇ ਹੋਰ ਸੇਵਾਵਾਂ ਦੀਆਂ ਜ਼ਿੰਮੇਵਾਰੀਆਂ ਵੀ ਸੰਭਾਲੀਆਂ ਗਈਆਂ ।ਸਮਾਗਮਾਂ ਦੌਰਾਨ 30 ਤੋਂ 35 ਵੱਖ-ਵੱਖ ਚਾਹ-ਪਕੌੜੇ, ਜਲੇਬੀਆਂ, ਪ੍ਰਸ਼ਾਦੇ ਅਤੇ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਦੇ ਲੰਗਰ ਲਗਾਏ ਜਾਣਗੇ। ਇਸ ਤੋਂ ਇਲਾਵਾ ਜੋੜਾ ਘਰਾਂ, ਮੈਡੀਕਲ ਸਹਾਇਤਾ, ਸਫਾਈ ਪ੍ਰਬੰਧ, ਪੀਣ ਵਾਲੇ ਪਾਣੀ ਅਤੇ ਸੰਗਤਾਂ ਦੇ ਰਹਿਣ-ਸਹਿਣ ਲਈ ਵੀ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ ।ਸੰਗਤਾਂ ਦੀ ਭਾਰੀ ਆਮਦ ਨੂੰ ਦੇਖਦਿਆਂ ਪ੍ਰਬੰਧਕਾਂ ਵੱਲੋਂ ਵੱਡੇ ਪੰਡਾਲ ਤਿਆਰ ਕੀਤੇ ਜਾ ਰਹੇ ਹਨ ਤੇ ਨਾਲ ਹੀ ਲਗਭਗ 50 ਏਕੜ ਵਿੱਚ ਪਾਰਕਿੰਗ ਗਰਾਊਂਡ ਦਾ ਪ੍ਰਬੰਧ ਵੀ ਕੀਤਾ ਗਿਆ ਹੈ ਤਾਂ ਜੋ ਦੂਰ-ਦਰਾਜ਼ ਤੋਂ ਆਉਣ ਵਾਲੀਆਂ ਬੱਸਾਂ ਅਤੇ ਹੋਰ ਵਾਹਨਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ ।ਇਸ ਤੋਂ ਇਲਾਵਾ ਸੂਬੇ ਭਰ ਫਲੈਕਸਾਂ, ਬੈਨਰਾਂ ਅਤੇ ਹੋਰ ਪ੍ਰਚਾਰ ਸਮੱਗਰੀ ਲਗਾਉਣ ਦੀ ਮੁਹਿੰਮ ਵੀ ਸ਼ੁਰੂ ਕਰ ਦਿੱਤੀ ਗਈ ਹੈ। ਇਸ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਦੇਸ਼ ਤੇ ਵਿਦੇਸ਼ 'ਚ ਵਸਦੀਆਂ ਸੰਗਤਾਂ ਨੂੰ ਵੱਡੀ ਗਿਣਤੀ ਵਿੱਚ ਹੁੰਮ ਹੁੰਮਾ ਕੇ ਇੰਨ੍ਹਾਂ ਸ਼ਹੀਦੀ ਸਮਾਗਮਾਂ ਵਿੱਚ ਪਹੁੰਚਣ ਦੀ ਅਪੀਲ ਕੀਤੀ ਤੇ ਨਾਲ ਹੀ ਪ੍ਰਬੰਧਕਾਂ, ਸੇਵਾਦਾਰਾਂ ਅਤੇ ਇਲਾਕਾ ਨਿਵਾਸੀਆਂ ਨੂੰ ਆਉਣ ਵਾਲੀਆਂ ਸੰਗਤਾਂ ਦੀ ਸਹੂਲਤ ਲਈ ਪੂਰੀ ਸੇਵਾ ਭਾਵਨਾ ਨਾਲ ਜੁੜਨ ਦਾ ਸੱਦਾ ਦਿੱਤਾ। ਮੀਟਿੰਗ ਦੀ ਸ਼ੁਰੂਆਤ ਕਰਦੇ ਹੋਏ ਪ੍ਰਿੰ.ਗੁਰਦੀਪ ਸਿੰਘ ਰੰਧਾਵਾ ਨੇ ਆਈਆਂ ਸ਼ਖਸ਼ੀਅਤਾਂ ਤੇ ਸੰਗਤਾਂ ਨੂੰ ਜੀ ਆਇਆ ਆਖਦੇ ਹੋਏ,ਉਪਰੰਤ ਗਿਆਨੀ ਸਾਹਿਬ ਸਿੰਘ ,ਭਾਈ ਹਰਸ਼ਦੀਪ ਸਿੰਘ ਰੰਧਾਵਾ, ਡਾ. ਅਵਤਾਰ ਸਿੰਘ ਬੁੱਟਰ ਤੇ ਪ੍ਰਿੰ.ਤੇਜਬੀਰ ਸਿੰਘ ਸੋਹਲ ਨੇ ਸੰਗਤਾਂ ਵੱਲੋਂ ਲਈਆਂ ਗਈਆਂ ਸੇਵਾਵਾਂ ਨੂੰ ਸੰਗਤਾਂ ਨਾਲ ਸਾਂਝਾ ਕੀਤਾ। ਇਸ ਮੌਕੇ ਇਸ ਦੌਰਾਨ ਭਾਈ ਜਸਪਾਲ ਸਿੰਘ ਸਿੱਧੂ ਚੇਅਰਮੈਨ ਸੁਪਰੀਮ ਕੌਂਸਲ ਮੁੰਬਈ, ਸੰਤ ਬਾਬਾ ਸੱਜਣ ਸਿੰਘ, ਸੰਤ ਬਾਬਾ ਗੁਰਦੇਵ ਸਿੰਘ ਤਰਸਿੱਕਾ, ਸੰਤ ਬਾਬਾ ਗੁਰਭੇਜ਼ ਸਿੰਘ ਖੁਜ਼ਾਲਾ, ਸੰਤ ਬਾਬਾ ਗੁਰਮੀਤ ਸਿੰਘ ਬੱਦੋਵਾਲ, ਸੰਤ ਬਾਬਾ ਮਨਮੋਹਨ ਸਿੰਘ ਭੰਗਾਲੀ, ਬਾਬਾ ਸੁਖਵੰਤ ਸਿੰਘ ਚੰਨਣਕੇ,ਸੰਤ ਬਾਬਾ ਸੁਰਜੀਤ ਸਿੰਘ ਹਰਖੋਵਾਲ,ਬਾਬਾ ਸ਼ਮਸ਼ੇਰ ਸਿੰਘ ਲਾਲੂਵਾਲ,ਬਾਬਾ ਜੱਜ ਸਿੰਘ ਜਲਾਲਾਬਾਦ,ਬਾਬਾ ਸੁਲੱਖਣ ਸਿੰਘ ਮੁਰਾਦਪੁਰ,ਬਾਬਾ ਕਾਕਾ ਸਿੰਘ ਡੇਰਾ ਮਸਤੂਆਣਾ ਦਮਦਮਾ ਸਾਹਿਬ,ਬਾਬਾ ਮੇਜਰ ਸਿੰਘ ਵਾਂ,ਭਾਈ ਲੋਕਦੀਪ ਸਿੰਘ ਨਿੱਕੇ ਘੁੰਮਣ ,ਬਾਬਾ ਸੁਰਿੰਦਰ ਸਿੰਘ ਅੱਚਲ ਸਾਹਿਬ, ਬਾਬਾ ਲਖਬੀਰ, ਸਿੰਘ ਭੰਗਾਲੀ,ਬਾਬਾ ਮਲਕੀਤ ਸਿੰਘ ਜੱਬੋਵਾਲ,ਬਾਬਾ ਨਵਤੇਜ ਸਿੰਘ ਚੇਲੇਆਣਾ ਸਾਹਿਬ, ਬਾਬਾ ਸ਼ਿਵੰਦਰ ਸਿੰਘ ਟਾਹਲੀ ਸਾਹਿਬ ਭਾਈ ਅਜੈਬ ਸਿੰਘ ਅਭਿਆਸੀ, ਸਿੱਖ ਸਟੂਡੈਂਟ ਫੈੱਡਰੇਸ਼ਨ ਪ੍ਰਧਾਨ ਭਾਈ ਅਮਰਬੀਰ ਸਿੰਘ ਢੋਟ, ਭਾਈ ਭੁਪਿੰਦਰ ਸਿੰਘ ਗਦਲੀ ,ਭਾਈ ਪੂਰਨ ਸਿੰਘ ਜਲਾਲਾਬਾਦ ਜਥੇਦਾਰ ਭੋਲਾ ਸਿੰਘ ਬੁੱਢੀਮਾਨ,ਜਥੇ ਜਗਤਾਰ ਸਿੰਘ ਭਿੰਡਰਕਲਾਂ,ਭਾਈ ਅਜੀਤ ਸਿੰਘ ਖੰਨੇ ਤੋਂ,ਭਾਈ ਕੁਲਦੀਪ ਸਿੰਘ ਮੋੜ ਮੱਖੂ,ਭਾਈ ਰਸ਼ਪਾਲ ਸਿੰਘ ਗੋਨਾ,ਭਾਈ ਅਵਤਾਰ ਸਿੰਘ ਅਲਗੋਕੋਠੀ,ਭਾਈ ਗੁਰਦਿਆਲ ਸਿੰਘ ਲੱਖਪੁਰਾ,ਸਰਪੰਚ ਅਮਰ ਸਿੰਘ ਮੱਧਰੇ,ਭਾਈ ਮੋਹਕਮ ਸਿੰਘ ਚੌਧਰੀਵਾਲ,ਬਾਬਾ ਬਲਵਿੰਦਰ ਸਿੰਘ,ਭਾਈ ਸ਼ਮਸ਼ੇਰ ਸਿੰਘ ਜੇਠੂਵਾਲ, ਭਾਈ ਮਲਕੀਤ ਸਿੰਘ ਜੱਬੋਵਾਲ,ਭਾਈ ਤੇਜਬੀਰ ਸਿੰਘ ਭਲਾਈਪੁਰ,ਭਾਈ ਅਵਤਾਰ ਸਿੰਘ ਅਲਗੋਕੋਠੀ,ਭਾਈ ਗੁਰਦੇਵ ਸਿਮਘ ਮਹਿਨੀਆਂ,ਜਥੇ.ਬਾਬਾ ਅਜੀਤ ਸਿੰਘ,ਜਥੇ. ਬਾਬਾ ਸੁਖਦੇਵ ਸਿੰਘ,ਜਥੇ.ਬਾਬਾ ਬੋਹੜ ਸਿੰਘ ,ਭਾਈ ਜਸਮੇਰ ਸਿੰਘ ਖਲੈਹਿਰਾ,ਕਸ਼ਮੀਰ ਸਿੰਘ ਕਾਲਾ ਮਹਿਤਾ,ਹਰਜਿੰਦਰ ਸਿੰਘ ਜੱਜ, ਪ੍ਰਿੰ.ਗੁਰਦੀਪ ਸਿੰਘ ਜਲਾਲਉਸਮਾਂ,ਪ੍ਰਿੰ.ਜਤਿੰਦਰ ਸ਼ਰਮਾਂ, ਗੁਰਮੀਤ ਸਿੰਘ ਨੰਗਲੀ, ਜਥੇ.ਲਖਵਿੰਦਰ ਸਿੰਘ ਖਾਲਸਾ, ਚੇਅਰਮੈਨ ਤਰਲੋਕ ਸਿੰਘ ਬਾਠ,ਮਲਕੀਤ ਸਿੰਘ ਮੱਧਰਾ,ਐਡਵੋਕੇਟ ਸਰਬਜੀਤ ਸਿੰਘ ਮਾਨ,,ਜਤਿੰਦਰ ਸਿੰਘ ਲੱਧਾਮੁੰਡਾ,ਜਥੇ.ਰਾਜਬੀਰ ਸਿੰਘ,ਚੇਅਰਮੈਨ ਸੁਖਦੇਵ ਸਿੰਘ,ਪ੍ਰਧਾਨ ਅਮਰ ਰਾਵਤ,ਬਲਜ਼ਿੰਦਰ ਸਿੰਘ ਰਾਜੂ,ਤੇਜਿੰਦਰ ਸਿੰਘ ਲਾਡੀ, ਮਨਦੀਪ ਸਿੰਘ ਸੋਨਾ ਖੱਬੇ, ਗੁਰਮੁੱਖ ਸਿੰਘ ਸਾਬਾ,ਗੁਰਮੁੱਖ ਸਿੰਘ ਔਜਲਾ ਡੇਹਰੀਵਾਲ, ਚੇਅਰਮੈਨ ਚਰਨਜੀਤ ਸਿੰਘ ਪਾਰੋਵਾਲ,ਡਾ.ਮਨਪ੍ਰੀਤ ਸਿੰਘ, ਰਮਨਬੀਰ ਸਿੰਘ ਤੇ ਅੰਤਰਬੀਰ ਸਿੰਘ ਲੱਧਾਮੁੰਡਾ,ਰਾਜਾ ਚੌਧਰੀਵਾਲ,ਸੰਤੋਖ ਸਿੰਘ ਖੱਬੇ,ਬੂਟਾ ਸਿੰਘ ਜਲਾਲ,ਪ੍ਰਿੰ.ਸ਼ਾਮਲਾਲ, ਤੇ ਬਲਕਾਰ ਸਿੰਘ ਪੀ.ਬੀ.ਐੱਸ. ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
ਆਵਾਜ਼ਿ ਕੌਮ AWAZE QAUM
International Newspaper & WEB TV

## ਵਾਰਡ ਨੰਬਰ 4 ਤੋਂ ਚੋਣਾਂ ਲੜ ਰਹੇ ਉਮੀਦਵਾਰ ਤੇ ਕੈਬਨਿਟ ਮੰਤਰੀ ਸ੍ਰ ਈ.ਟੀ.ਓ ਨੇ ਕੀਤਾ ਡੋਰ ਟੂ ਡੋਰ ਦਿੱਤੀ ਦਸਤਕ

# ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਹੋਏ ਨਤਮਸਤਕ ਸਿਰਪਾਓ ਪਾ ਕਿ ਬਾਬਾ ਬਿਬੇਕ ਸਿੰਘ ਨੇ ਕੀਤਾ ਸਤਿਕਾਰ



**ਜੰਡਿਆਲਾ ਗੁਰੂ, 20 ਮਈ (ਕੁਲਵੰਤ ਸਿੰਘ ਵਿਰਦੀ )**-ਪੰਜਾਬ ਵਿੱਚ ਨਗਰ ਕੌਂਸਲ ਦੀਆਂ ਚੋਣਾਂ ਦੀਆਂ ਨਾਮਜ਼ਦਗੀ ਭਰਨ ਤੋਂ ਬਾਅਦ ਹਰ ਰੋਜ ਹਰੇਕ ਸਿਆਸੀ ਪਾਰਟੀ ਆਪਣੇ ਉਮੀਦਵਾਰ ਨੂੰ ਜਿਤਾਉਣ ਲਈ ਜੋਰਾਂ ਸੋਰਾਂ ਨਾਲ ਚੋਣ ਪ੍ਰਚਾਰ ਕਰ ਰਹੀ ਹੈ , ਜੰਡਿਆਲਾ ਗੁਰੂ ਵਿਖੇ ਨਗਰ ਕੌਂਸਲ ਦੀਆਂ ਚੋਣਾਂ ਕੁਲ 15 ਵਾਰਡ ਤੋਂ ਲੜੀਆਂ ਜਾ ਰਹੀਆਂ ਹਨ ਜਿਸ ਵਿੱਚ ਵਾਰਡ ਨੰਬਰ 4 ਤੋਂ ਆਮ ਆਦਮੀ ਪਾਰਟੀ ਦੇ ਵਰਕਰ ਭੁਪਿੰਦਰ ਸਿੰਘ ਹੈਪੀ ਦੀ ਧਰਮਪਤਨੀ ਸ੍ਰੀਮਤੀ ਡਾਕਟਰ ਕਮਲਜੀਤ ਕੌਰ ਚੋਣ ਲੜ ਰਹੇ ਹਨ ਅਤੇ ਡਾਕਟਰ ਕਮਲਜੀਤ ਕੌਰ ਹੱਕ ਵਿੱਚ ਹਰ ਰੋਜ ਡੋਰ ਟੂ ਡੋਰ ਪ੍ਰਚਾਰ ਕੀਤਾ ਜਾ ਰਿਹਾ ਹੈ। ਜਿਸ ਵਿੱਚ ਬੀਤੇ ਦਿਨ ਹਰਭਜਨ ਸਿੰਘ ਈਟੀਓ ਅਤੇ ਉਹਨਾਂ ਦੀ ਟੀਮ ਵੱਲੋਂ ਡਾਕਟਰ ਕਮਲਜੀਤ ਕੌਰ ਦੇ ਹੱਕ ਚ ਡੋਰ ਟੂ ਡੋਰ ਚੋਣ ਪ੍ਰਚਾਰ ਕੀਤਾ ਗਿਆ ਜਿਸ ਵਿੱਚ ਦੇਰ ਸਾਮ ਜੰਡਿਆਲਾ ਗੁਰੂ ਵਿਖੇ ਨਾਨਸਸਰ ਨਗਰ ਚ ਸਥਿਤ ਗੁਰਦੁਆਰਾ ਨਾਨਕਸਰ ਸਾਹਿਬ ਠਾਠ ਵਿਖੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ,ਚੇਅਰਮੈਨ ਸ੍ਰ ਅਮਰੀਕ ਸਿੰਘ ਸੋਢੀ ,ਭੁਪਿੰਦਰ ਸਿੰਘ ਹੈਪੀ ਅਤੇ ਬੇਅੰਤ ਵਰਕਰ ਨਤਮਸਤਕ ਹੋਏ, ਅਤੇ ਗੁਰੂ ਮਹਾਰਾਜ ਜੀ ਕੋਲੋਂ ਅਸੀਸ ਪ੍ਰਾਪਤ ਕੀਤੀ ਤੇ ਗੁਰੂ ਸਾਹਿਬ ਜੀ ਦਾ ਸ਼ੁਕਰਾਨਾ ਕੀਤਾ।ਇਸ ਮੌਕੇ ਤੇ ਗੁਰਦੁਆਰਾ ਨਾਨਕਸਰ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਵੱਲੋਂ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਤੇ ਨਾਲ ਆਏ ਸਾਥੀਆਂ ਨੂੰ ਗੁਰੂ ਸਾਹਿਬ ਦੀ ਬਖਸ਼ੀ ਦਾਤ ਸਿਰਪਾਓ ਨਾਲ ਸਨਮਾਨਿਤ ਕੀਤਾ ਗਿਆ ਇਸ ਮੌਕੇ ਆਈਆਂ ਸੰਗਤਾਂ ਨੂੰ ਮਠਿਆਈ ਅਤੇ ਕੋਲਡਰਿੰਕ ਵਰਤਾਈ ਗਈ!

## ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਪੰਥਕ ਏਕਤਾ ਦਾ

# ਮੁਦੱਈ ਸੀ, ਮੁਦੱਈ ਹੈ ਅਤੇ ਹਮੇਸ਼ਾਂ ਰਹੇਗਾ- ਸ ਵਡਾਲਾ



**ਚੰਡੀਗੜ੍ਹ, 19 ਮਈ (ਆਵਾਜ਼ਿ ਕੌਮ ਬਿਊਰੋ)**-ਦੋ ਦਸੰਬਰ 2024 ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ ਅਨੁਸਾਰ ਪੁਨਰ ਸੁਰਜੀਤ ਹੋਇਆ ਸ਼੍ਰੋਮਣੀ ਅਕਾਲੀ ਦਲ ਪੰਥ ਦੀ ਪਾਰਟੀ ਹੈ ਅਤੇ ਇਸ ਦਾ ਸ਼ੁਰੂ ਤੋਂ ਹੀ ਇਹ ਮਕਸਦ ਰਿਹਾ ਹੈ ਕਿ ਸਾਰੇ ਪੰਥ ਨੂੰ ਨਾਲ ਲੈ ਕੇ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਮੁੱਦਿਆਂ 'ਤੇ ਸਾਂਝੀ ਲੜਾਈ ਲੜੀ ਜਾਵੇ। ਇਸ ਪਵਿੱਤਰ ਕਾਜ ਦੀ ਪੂਰਤੀ ਲਈ ਅਸੀਂ ਹਰ ਉਸ ਧੜੇ ਨਾਲ ਏਕਤਾ ਕਰਨ ਲਈ ਤਿਆਰ ਹਾਂ, ਜੋ ਆਪਣੇ ਅੰਦਰ ਪੰਥਕ ਦਰਦ ਰੱਖਦਾ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ ਬਣਾਈ ਤਾਲਮੇਲ ਕਮੇਟੀ ਦੇ ਮੈਂਬਰ ਅਤੇ ਪਾਰਟੀ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਇਕ ਲਿਖਤੀ ਪ੍ਰੈੱਸ ਬਿਆਨ ਵਿੱਚ ਕੀਤਾ।ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਪੰਥਕ ਏਕਤਾ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸਦੀ ਪ੍ਰਾਪਤੀ ਲਈ ਹਰ ਸੰਭਵ ਕਦਮ ਚੁੱਕਣ ਲਈ ਤਿਆਰ ਹੈ। ਪਰ ਅਸਲੀ ਏਕਤਾ ਇਕਤਰਫ਼ਾ ਫੈਸਲਿਆਂ, ਜਨਤਕ ਪ੍ਰਦਰਸ਼ਨਾਂ ਜਾਂ ਇਸ ਉਮੀਦ ਨਾਲ ਨਹੀਂ ਕੀਤੀ ਜਾ ਸਕਦੀ ਕਿ ਤਜਰਬੇਕਾਰ ਪੰਥਕ ਧਿਰਾਂ ਪਹਿਲਾਂ ਤੋਂ ਤੈਅ ਕੀਤੇ ਏਜੰਡੇ ਨੂੰ ਸਿਰਫ਼ ਪ੍ਰਵਾਨਗੀ ਦੇਣ ਤੱਕ ਸੀਮਤ ਹੋ ਜਾਣ। ਗੰਭੀਰ ਪੰਥਕ ਏਕਤਾ ਲਈ ਸਮਝਦਾਰੀ, ਸਲਾਹ-ਮਸ਼ਵਰਾ ਅਤੇ ਸਮੂਹਿਕ ਲੀਡਰਸ਼ਿਪ ਦੇ ਆਦਰ ਦੀ ਲੋੜ ਹੁੰਦੀ ਹੈ। ਸ ਵਡਾਲਾ ਨੇ ਕਿਹਾ ਕਿ 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਪਿਛਲੇ ਦਿਨੀਂ ਏਕਤਾ ਵਾਸਤੇ ਬਣ ਰਹੇ ਗੱਠਜੋੜ ਨੂੰ ਤੋੜਨ ਦੇ ਇੱਕਪਾਸੜ ਐਲਾਨ ਸਬੰਧੀ ਅਸੀਂ ਸੰਗਤ ਦੇ ਧਿਆਨ ਵਿੱਚ ਕੁਝ ਅਹਿਮ ਤੱਥ ਲਿਆਉਣਾ ਚਾਹੁੰਦੇ ਹਾਂ। ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨਾਲ ਗੱਠਜੋੜ ਲਈ ਪਹਿਲ 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਹੀ ਕੀਤੀ ਗਈ ਸੀ। ਅਸੀਂ ਪੰਥ ਅਤੇ ਪੰਜਾਬ ਦੀ ਬੇਹਤਰੀ ਲਈ ਸਾਂਝੇ ਏਜੰਡੇ 'ਤੇ ਗੱਠਜੋੜ ਕਰਨ ਦੀ ਇਸ ਪਹਿਲ ਦਾ ਸੁਹਿਰਦਤਾ ਨਾਲ ਸਵਾਗਤ ਕੀਤਾ ਅਤੇ ਇਸ ਮਕਸਦ ਲਈ ਚਾਰ ਮੈਂਬਰੀ ਕਮੇਟੀ ਦਾ ਗਠਨ ਕਰ ਦਿੱਤਾ ਸੀ। ਕਮੇਟੀ ਦੀਆਂ ਹੋਈਆਂ ਮੀਟਿੰਗਾਂ ਸੁਹਿਰਦ ਮਾਹੌਲ ਵਿੱਚ ਹੋਈਆਂ, ਆਪਸੀ ਸਹਿਮਤੀ ਨਾਲ ਕਨਵੀਨਰ ਚੁਣਿਆ ਗਿਆ ਅਤੇ ਕਈ ਮੁੱਦਿਆਂ 'ਤੇ ਸਕਾਰਾਤਮਕ ਗੱਲਬਾਤ ਵੀ ਅੱਗੇ ਵਧੀ। ਅਹਿਮ ਗੱਲ ਇਹ ਹੈ ਕਿ ਗੱਠਜੋੜ ਸਬੰਧੀ ਹੋਈਆਂ ਪਹਿਲੀਆਂ ਮੀਟਿੰਗਾਂ ਵਿੱਚ ਅਕਾਲੀ ਦਲ ਪੁਨਰ-ਸੁਰਜੀਤ ਦੀ ਲੀਡਰਸ਼ਿਪ ਬਾਰੇ ਨਾ ਕੋਈ ਇਤਰਾਜ਼ ਜਤਾਇਆ ਗਿਆ ਅਤੇ ਨਾ ਹੀ ਇਸ ਸਬੰਧੀ ਕੋਈ ਚਰਚਾ ਹੋਈ, ਜਿਸਦਾ ਜ਼ਿਕਰ ਹੁਣ ਕੀਤਾ ਜਾ ਰਿਹਾ ਹੈ। ਜਦੋਂ ਗੱਠਜੋੜ ਲਈ ਪਹਿਲ ਕੀਤੀ ਗਈ ਸੀ, ਉਸ ਵੇਲੇ ਵੀ ਇਹੀ ਲੀਡਰਸ਼ਿਪ ਪਾਰਟੀ ਦਾ ਹਿੱਸਾ ਸੀ ਅਤੇ ਅੱਜ ਵੀ ਹੈ। ਅਸੀਂ ਮਾਣ ਨਾਲ ਕਹਿੰਦੇ ਹਾਂ ਕਿ ਇਹ ਉਹ ਲੀਡਰਸ਼ਿਪ ਹੈ ਜਿਸ ਨੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੇਸ਼ ਹੋ ਕੇ ਪੰਥਕ ਪਰੰਪਰਾਵਾਂ ਅਨੁਸਾਰ ਬਿਨਾਂ ਸ਼ਰਤ ਸ਼ੀਸ਼ ਝੁਕਾਇਆ, ਖਿਮਾ ਜਾਚਨਾ ਕੀਤੀ ਅਤੇ ਅਕਾਲ ਤਖ਼ਤ ਸਾਹਿਬ ਤੋਂ ਲੱਗੀ ਧਾਰਮਿਕ ਤਨਖਾਹ ਪੂਰੀ ਕੀਤੀ। ਸਾਡਾ ਸਪੱਸ਼ਟ ਮੰਨਣਾ ਹੈ ਕਿ ਜਦੋਂ ਕੋਈ ਵਿਅਕਤੀ ਅਕਾਲ ਤਖ਼ਤ ਸਾਹਿਬ ਸਨਮੁੱਖ ਆਪਣੀਆਂ ਗਲਤੀਆਂ ਪ੍ਰਵਾਨ ਕਰਕੇ ਸਜ਼ਾ ਭੁਗਤ ਲੈਂਦਾ ਹੈ, ਤਾਂ ਉਸ ਨੂੰ ਮੁੜ-ਮੁੜ ਮੇਹਣਾ ਮਾਰਨਾ ਠੀਕ ਨਹੀਂ। ਇਸ ਲਈ ਬਿਨਾਂ ਕਿਸੇ ਸਪੱਸ਼ਟਤਾ ਤੋਂ ਗੱਠਜੋੜ ਤੋੜਨ ਦਾ ਇੱਕਪਾਸੜ ਐਲਾਨ ਸਾਡੇ ਲਈ ਹੀ ਨਹੀਂ ਪੰਥ ਦਾ ਦਰਦ ਰੱਖਣ ਵਾਲੇ ਹਰ ਸਿੱਖ ਲਈ ਦੁਖਦਾਈ ਹੈ। ਇਹ ਵੀ ਧਿਆਨਯੋਗ ਹੈ ਕਿ ਜਿਸ ਦੋ ਦਸੰਬਰ ਦੇ ਹੁਕਮਨਾਮੇ ਦੇ ਆਧਾਰ 'ਤੇ ਅੱਜ ਅਕਾਲੀ ਦਲ ਪੁਨਰ-ਸੁਰਜੀਤ ਦੀ ਲੀਡਰਸ਼ਿਪ 'ਤੇ ਸਵਾਲ ਉਠਾਏ ਜਾ ਰਹੇ ਹਨ, ਉਸੇ ਫੈਸਲੇ ਵਿੱਚ ਸ਼੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸਿੱਖਾਂ ਦੀ ਖਿੰਡੀ ਹੋਈ ਰਾਜਨੀਤਿਕ ਤਾਕਤ ਨੂੰ ਇਕੱਠਾ ਕਰਨ ਲਈ ਸਾਰੀਆਂ ਅਕਾਲੀ ਧਿਰਾਂ ਨੂੰ ਆਪਣੇ ਆਪਣੇ ਚੁੱਲ੍ਹੇ ਸਮੇਟ ਕੇ ਇਕੱਠੇ ਹੋਣ ਲਈ ਕਿਹਾ ਗਿਆ ਸੀ। ਇਸਦੇ ਬਾਵਜੂਦ ਕੁਝ ਦਿਨਾਂ ਬਾਅਦ ਹੀ ਨਵਾਂ ਰਾਜਨੀਤਿਕ ਦਲ 'ਅਕਾਲੀ ਦਲ ਵਾਰਿਸ ਪੰਜਾਬ ਦੇ' ਬਣਾਇਆ ਗਿਆ।ਅਸੀਂ ਫਿਰ ਵੀ ਪੰਥਕ ਏਕਤਾ ਅਤੇ ਇਕੱਠੇ ਹੋਣ ਲਈ ਹਰ ਸੁਹਿਰਦ ਧਿਰ ਦਾ ਸਵਾਗਤ ਕਰਦੇ ਹਾਂ ਅਤੇ ਅਸੀਂ ਇਸ ਲਈ ਹਮੇਸ਼ਾਂ ਯਤਨਸ਼ੀਲ ਰਹਾਂਗੇ। ਅਸੀਂ ਸਮੂਹ ਪੰਥਕ ਧਿਰਾਂ ਅਤੇ ਸੰਗਤਾਂ ਨੂੰ ਅਪੀਲ ਕਰਦੇ ਹਾਂ ਕਿ ਜਦੋਂ ਪੰਜਾਬ ਖਿੱਤੇ ਵਿੱਚੋਂ ਸਿੱਖਾਂ ਦੀ ਖੇਤਰੀ ਅਤੇ ਪੰਥਕ ਸਿਆਸਤ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਹੋ ਰਹੀ ਹੈ, ਅਜਿਹੇ ਸਮੇਂ ਸਾਨੂੰ ਆਪਸੀ ਛੋਟੇ ਮੱਤਭੇਦਾਂ ਤੋਂ ਉੱਪਰ ਉੱਠ ਕੇ ਗੁਰਬਾਣੀ ਅਤੇ ਸਿੱਖ ਇਤਿਹਾਸ ਤੋਂ ਸੇਧ ਲੈਣੀ ਚਾਹੀਦੀ ਹੈ। ਮਿਸਲ ਕਾਲ ਵਾਂਗ, ਜਦੋਂ ਬਾਹਰੀ ਤਾਕਤਾਂ ਸਾਡੇ ਖਿੱਤੇ 'ਤੇ ਭਾਰੂ ਹੋਣ ਦੀ ਕੋਸ਼ਿਸ਼ ਕਰ ਰਹੀਆਂ ਹਨ, ਉਸ ਵੇਲੇ ਸਾਨੂੰ ਆਪਣੀ ਰਾਜਸੀ ਤਾਕਤ ਨੂੰ ਵੰਡਣ ਦੀ ਬਜਾਏ ਇਕੱਠਾ ਕਰਨ ਦੀ ਲੋੜ ਹੈ। ਸ ਵਡਾਲਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਸਾਰੀਆਂ ਪੰਥਕ ਧਿਰਾਂ ਨੂੰ ਇਕੱਠਾ ਕਰਨ ਲਈ ਹਮੇਸ਼ਾਂ ਵਿਅਕਤੀਗਤ ਯਤਨ ਕਰਦਾ ਰਹੇਗਾ। ਇਸ ਏਕਤਾ ਲਈ ਸਾਡੇ ਦਰਵਾਜ਼ੇ ਹਮੇਸ਼ਾ ਖੁੱਲ੍ਹੇ ਹਨ, ਬੇਸ਼ਰਤੇ ਗੱਠਜੋੜ ਦੀਆਂ ਸ਼ਰਤਾਂ ਨਿੱਜੀ ਹਿੱਤਾਂ ਦੀ ਬਜਾਏ ਪੰਥ ਅਤੇ ਪੰਜਾਬ ਦੇ ਹਿੱਤਾਂ 'ਤੇ ਆਧਾਰਿਤ ਹੋਣ।ਉਹਨਾਂ ਨੇ ਕਿਹਾ ਕਿ ਪੰਜਾਬ ਨੇ ਸ਼ਖ਼ਸੀਅਤ-ਕੇਂਦ੍ਰਿਤ ਅਤੇ ਆਪਹੁਦਰੀ ਸਿਆਸਤ ਦੀ ਪਹਿਲਾਂ ਹੀ ਬਹੁਤ ਵੱਡੀ ਕੀਮਤ ਚੁਕਾਈ ਹੈ। ਕਿਉਂਕਿ ਅਕਾਲੀ ਸਿਆਸਤ ਉਦੋਂ ਢਹਿ-ਢੇਰੀ ਹੋਈ ਜਦੋਂ ਅੰਦਰੂਨੀ ਲੋਕਤੰਤਰ ਨੂੰ ਕੇਂਦਰੀ ਸੱਤਾ ਨਾਲ ਬਦਲ ਦਿੱਤਾ ਗਿਆ ਅਤੇ ਵਰਕਰ ਵਿਚਾਰਾ ਮੂਕ ਦਰਸ਼ਕ ਬਣ ਕੇ ਰਹਿ ਗਿਆ। ਉਸੇ ਤਰਕੀਬ ਨੂੰ ਨਵੇਂ ਨਾਵਾਂ ਹੇਠ ਮੁੜ ਪੇਸ਼ ਕਰਨਾ ਪੰਜਾਬ ਲਈ ਕੋਈ ਨਵਾਂ ਬਦਲ ਨਹੀਂ ਹੋ ਸਕਦਾ। ਬਿਆਨ ਵਿੱਚ ਅੱਗੇ ਕਿਹਾ ਗਿਆ ਕਿ ਪੰਥ ਨਾਲ ਜੁੜੀ ਕੋਈ ਵੀ ਲਹਿਰ ਸੰਗਤ ਦੇ ਸਾਹਮਣੇ ਜਵਾਬਦੇਹ ਹੋਣੀ ਚਾਹੀਦੀ ਹੈ ਜੋ ਹੇਠਾਂ ਤੋਂ ਉੱਪਰ ਵੱਲ ਕੰਮ ਕਰੇ। ਪਰ ਜਦੋਂ ਪੰਥਕ ਸਿਆਸਤ ਸੰਸਥਾਵਾਂ ਦੀ ਬਜਾਏ ਵਿਅਕਤੀਆਂ ਦੇ ਦੁਆਲੇ ਕੇਂਦਰਿਤ ਹੋ ਜਾਂਦੀ ਹੈ, ਉਹ ਦਬਾਅ, ਹੇਰਾਫੇਰੀ ਅਤੇ ਸਮਝੌਤਾਵਾਦੀ ਸਿਆਸਤ ਦਾ ਸ਼ਿਕਾਰ ਹੋ ਜਾਂਦੀ ਹੈ। ਸਰਕਾਰਾਂ ਵਿਅਕਤੀਆਂ ਨੂੰ ਨਿਸ਼ਾਨਾ ਬਣਾ ਸਕਦੀਆਂ ਹਨ, ਪਰ ਉਹ ਸੰਗਤ-ਅਧਾਰਿਤ ਸੰਗਠਿਤ ਲਹਿਰ ਨੂੰ ਨਹੀਂ ਦਬਾ ਸਕਦੀਆਂ। ਇਸ ਕਰਕੇ ਅਸੀਂ ਖੁੱਲ੍ਹੇ ਦਿਲ ਨਾਲ ਸਾਰੀਆਂ ਪੰਥਕ ਧਿਰਾਂ ਦੀ ਇਕਸੁਰਤਾ ਅਤੇ ਸਾਂਝ ਲਈ ਹਮੇਸ਼ਾਂ ਤਿਆਰ ਹਾਂ। ਇਹ ਪ੍ਰੈੱਸ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਦੀ ਕੈਮਿਸਟ ਐਸੋਸੀਏਸ਼ਨ ਬਲਾਕ ਤਲਵੰਡੀ ਸਾਬੋ ਦੀ ਹੋਈ ਮਹੀਨਾਵਾਰ ਮੀਟਿੰਗ



ਤਲਵੰਡੀ ਸਾਬੋ, 20 ਮਈ ਗੁਰਜੰਟ ਸਿੰਘ ਨਥੇਹਾ)- ਦੀ ਬਠਿੰਡਾ ਰੂਰਲ ਕੈਮਿਸ਼ਟ ਐਸੋਸੀਏਸ਼ਨ (ਰਜਿ:85) ਬਲਾਕ ਤਲਵੰਡੀ ਸਾਬੋ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਜਸਵਿੰਦਰ ਸਿੰਘ ਢਿੱਲੋਂ ਦੀ ਯੋਗ ਅਗਵਾਈ ਹੇਠ ਤਲਵੰਡੀ ਸਾਬੋ ਵਿਖੇ ਹੋਈ। ਅੱਜ ਆਲ ਇੰਡੀਆ ਕੈਮਿਸਟ ਐਸੋਸੀਏਸ਼ਨ ਪੱਧਰ 'ਤੇ ਬੰਦ ਦੇ ਸੱਦੇ 'ਤੇ ਮੈਡੀਕਲ ਸਟੋਰ ਬੰਦ ਰੱਖੇ ਗਏ। ਮੀਟਿੰਗ ਵਿੱਚ ਪੇਂਡੂ ਖੇਤਰ ਵਿੱਚ ਕੈਮਿਸਟਾਂ ਨੂੰ ਆ ਰਹੀਆਂ ਮੁਸ਼ਕਲਾ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਵੱਖ ਵੱਖ ਪਿੰਡਾਂ ਵਿੱਚੋ ਕੈਮਿਸਟ ਸਾਥੀਆਂ ਨੇ ਹਿਸਾ ਲਿਆ। ਮੀਟਿੰਗ ਵਿੱਚ ਪ੍ਰਧਾਨ ਜਸਵਿੰਦਰ ਸਿੰਘ ਮਲਕਾਣਾ, ਪ੍ਰੈਸ ਸਕੱਤਰ ਬਲਕਾਰ ਸਿੰਘ ਜੱਜਲ, ਕੈਸ਼ੀਅਰ ਵਿਜੈ ਸੇਖੂ, ਸੁਰਜੀਤ ਸਿੰਘ ਚੱਠਾ ਸੇਖੂ, ਸੁਖਪਾਲ ਸਿੰਘ ਬਹਿਮਣ ਜੱਸਾ, ਇਕਬਾਲ ਸਿੰਘ ਸੀਂਗੋ, ਮੰਦਰ ਸਿੰਘ ਫੁੱਲੋਖਾਰੀ, ਪਰਵਿੰਦਰ ਸਿੰਘ ਕਣਕਵਾਲ, ਪਰਮਜੀਤ ਸਿੰਘ ਮਾਹੀਨੰਗਲ, ਬੂਟਾ ਸਿੰਘ ਜੀਵਨ ਸਿੰਘ ਵਾਲਾ, ਅਵਤਾਰ ਸਿੰਘ ਕੌਰੇਆਣਾ, ਮਹਿੰਦਰ ਸਿੰਘ ਮਲਕਾਣਾ, ਅਜੀਤਪਾਲ ਸਿੰਘ ਤਿਉਣਾ, ਗਗਨਦੀਪ ਸੀਂਗੋ, ਜੋਗਿੰਦਰ ਸਿੰਘ ਨਥੇਹਾ, ਗੁਰਤਾਜ ਸਿੰਘ ਗਿਆਨਾ, ਪਰਮਜੀਤ ਸਿੰਘ ਚੱਠੇਵਾਲਾ, ਸੁਖਮੰਦਰ ਸਿੰਘ ਲਹਿਰੀ, ਨਾਇਬ ਸਿੰਘ ਲਹਿਰੀ, ਨਿਰਮਲ ਸਿੰਘ ਭਾਗੀਵਾਂਦਰ, ਹਨੀ ਮਲਕਾਣਾ, ਹੈਪੀ ਸੀਂਗੋ ਆਦਿ ਹਾਜਰ ਸਨ।

# ਵਿਕਾਸ ਦੀ ਵਾਹ-ਵਾਹ




ਵਿਕਾਸ ਦੇ ਨਗਾੜੇ ਵੱਜਦੇ ਨੇ,
ਅਖ਼ਬਾਰਾਂ ਚੋਂ ਫੁੱਲ ਵਰ੍ਹਦੇ ਨੇ,
ਪਰ ਸਾਡੇ ਚੁੱਲ੍ਹੇ ਦੀ ਰਾਖ ਪੁੱਛਦੀ—
"ਰੋਟੀ ਦੇ ਦਿਨ ਕਿੱਥੇ ਮਰਦੇ ਨੇ ?"

ਤਾਲੀ ਵਜਾ ਕੇ ਗੀਤ ਗਾਈਏ,
ਭੁੱਖ ਦੇ ਮੇਲੇ ਚ ਖੁਸ਼ੀ ਮਨਾਈਏ,
ਜਿਸ ਘਰ ਚ ਧੂੰਆਂ ਵੀ ਨਾ ਉੱਠਦਾ,
ਉਥੇ ਵਿਕਾਸ ਦੇ ਦੀਵੇ ਬਾਲੀਏ।

ਰਸੋਈ ਅੰਦਰ ਸੁੰਨ ਫੈਲਿਆ ਪਿਆਰੇ,
ਡੱਬੇ ਸਾਰੇ ਖਾਲੀ ਨੇ,
ਚੂਹੇ ਵੀ ਮੂੰਹ ਲਟਕਾ ਬੋਲੇ—
"ਇੱਥੇ ਤਾਂ ਹਾਲਤ ਜਾਅਲੀ ਨੇ !"

ਚਾਹ ਪੱਤੀ ਦੀ ਖੁਸ਼ਬੂ ਗੁੰਮ ਏ,
ਦਾਲ਼ ਹੋਈ ਹੁਣ ਸੁਪਨਾ ਏ,
ਪਿਆਜ਼ ਦੇ ਭਾਅ ਸੁਣ ਕੇ ਲੱਗਦਾ
ਜਿਵੇਂ ਸੋਨਾ ਤੋਲਣਾ ਆਪਣਾ ਏ।



ਸਿਲੈਂਡਰ ਵੇਖ ਹਾਸਾ ਆਇਆ,
ਭਾਅ ਸੁਣ ਕੇ ਦਿਲ ਰੋ ਪਿਆ,
ਚੁੱਲ੍ਹੇ ਵਿੱਚ ਪਾਥੀਆਂ ਸੜਦੀਆਂ,
ਧੂੰਏਂ ਨੇ ਅੰਬਰ ਛੋਹ ਲਿਆ।

ਪੰਪ ਤੇ ਜਾ ਕੇ ਤੇਲ ਪੁੱਛਿਆ,
ਮੀਟਰ ਹੱਸ ਕੇ ਕਹਿੰਦਾ ਸੀ—
"ਟੈਂਕੀ ਨਹੀਂ, ਜੇਬ ਭਰ ਲਿਆਓ,
ਫਿਰ ਸੁਪਨਾ ਪੂਰਾ ਹੁੰਦਾ ਜੀ।"

ਕੰਮ-ਧੰਦੇ ਸਾਰੇ ਸੁੱਕ ਗਏ,
ਮਜ਼ਦੂਰੀ ਵੀ ਅੱਧੀ ਹੋਈ,
ਸਵੇਰੇ ਉਮੀਦਾਂ ਲੈ ਨਿਕਲੇ,
ਸ਼ਾਮੀਂ ਖਾਲੀ ਝੋਲੀ ਹੋਈ।

ਕਰਜ਼ੇ ਵਾਲੇ ਦਰ ਤੇ ਆਏ,
ਚਿਹਰਿਆਂ ਉੱਤੇ ਕਾਨੂੰਨ ਲਿਖੇ,
ਪਤੀਲੇ, ਥਾਲੀਆਂ ਚੁੱਕ ਲੈ ਗਏ,
ਅਸੀਂ ਹੱਸਦੇ ਰਹੇ, ਪਰ ਅੰਦਰ ਦੰਦ ਪਿਸੇ।

ਘਰਵਾਲੀ ਨੇ ਬੱਚੇ ਚੁੱਕੇ,
ਅੱਖਾਂ ਚ ਹੰਝੂ, ਬੋਲਾਂ ਤੇ ਚੁੱਪ,
ਕਹਿੰਦੀ— "ਜਦ ਰੋਟੀ ਆ ਜਾਵੇ,
ਫਿਰ ਲੈ ਜਾਈਂ ਸਾਨੂੰ ਮੁੜ।"

ਬੱਚਾ ਪੁੱਛੇ ਰਾਤੀਂ ਉੱਠ ਕੇ—
"ਪਾਪਾ, ਵਿਕਾਸ ਕਿੱਥੇ ਰਹਿੰਦਾ ?"
ਮੈਂ ਚੁੱਪ ਹੋ ਕੇ ਸੋਚਾਂ ਅੰਦਰ—
"ਸ਼ਾਇਦ ਟੀਵੀ ਉੱਤੇ ਹੀ ਬਹਿੰਦਾ।"

ਬਾਜ਼ਾਰਾਂ ਚ ਰੌਸ਼ਨੀਆਂ ਨੇ,
ਪਰ ਘਰ ਅੰਦਰ ਹਨੇਰਾ ਏ,
ਇੱਕ ਪਾਸੇ ਜਸ਼ਨ ਮਨਾਇਆ ਜਾਂਦਾ,
ਦੂਜੇ ਪਾਸੇ ਪਸਰਿਆ ਹਨੇਰਾ ਏ।

ਮਹਿੰਗਾਈ ਐਵੇਂ ਚੜ੍ਹ ਬੈਠੀ
ਜਿਵੇਂ ਰਾਜ ਸਿੰਘਾਸਨ ਤੇ,
ਲੋਕਤੰਤਰ ਦੀ ਰੋਟੀ ਸੜਦੀ
ਵੋਟਾਂ ਦੇ ਚੁੱਲ੍ਹਿਆਂ ਅੰਦਰ ਏ।

ਫਿਰ ਵੀ ਅਸੀਂ ਹੱਸ ਲੈਂਦੇ ਹਾਂ,
ਇਹ ਵੀ ਸਾਡੀ ਮਜਬੂਰੀ ਏ,
ਰੋਣਾ ਜੇ ਖੁੱਲ੍ਹ ਕੇ ਸ਼ੁਰੂ ਕਰੀਏ,
ਅੱਖਾਂ ਚੋਂ ਦਰਿਆ ਵਹਿ ਜਾਣੇ ਨੇ।

ਆਓ ਫਿਰ ਤਾਲੀ ਵਜਾਈਏ,
ਵਿਕਾਸ ਦੇ ਗੀਤ ਸੁਣਾਈਏ,
ਭੁੱਖ ਦੇ ਕੰਬਦੇ ਬੁੱਲ੍ਹਾਂ ਉੱਤੇ
ਨਕਲੀ ਹਾਸੇ ਦੀ ਲਾਲੀ ਲਾਈਏ।

ਕਿਉਂਕਿ ਇਸ ਦੇਸ਼ ਵਿੱਚ ਅਕਸਰ ਹੀ
ਸੱਚ ਨੂੰ ਚੁੱਪ ਕਰਾਇਆ ਜਾਂਦਾ ਏ,
ਅਤੇ ਕੰਗਾਲੀ ਦੇ ਰੋਣ ਉੱਤੇ
"ਵਿਕਾਸ" ਦਾ ਢੋਲ ਵਜਾਇਆ ਜਾਂਦਾ ਏ।

-ਗੁਰਪ੍ਰੀਤ ਸਿੰਘ ਬਿਲਿੰਗ
**ਮੋਬਾਇਲ:** 75086-98066

## ਸ੍ਰੀ ਗੁਰੂ ਰਾਮਦਾਸ ਸੇਵਾ ਸੋਸਾਇਟੀ ਵਡਾਲੀ ਡੋਗਰਾਂ ਨੇ ਗੁਰਦੁਆਰਾ ਸਾਹਿਬ ਚ ਸੇਵਾਵਾਂ ਨਿਭਾਉਂਦੇ

# ਗੁਰਸਿੱਖ ਨੌਜਵਾਨਾਂ ਨੂੰ ਸਮਾਨਿਤ ਕੀਤਾ-ਭਾਈ ਸਾਹਿਬ ਸਿੰਘ ਸੰਧੂ



**ਜੰਡਿਆਲਾ ਗੁਰੂ 20 ਮਈ ( ਕੁਲਵੰਤ ਸਿੰਘ ਵਿਰਦੀ )**-ਨਿਰੋਲ ਧਾਰਮਿਕ, ਸਵੈ-ਸੇਵੀ ਸਮਾਜਿਕ ਸੰਸਥਾ 'ਸ੍ਰੀ ਗੁਰੂ ਰਾਮਦਾਸ ਸੇਵਾ ਸੋਸਾਇਟੀ, ਵਡਾਲੀ ਡੋਗਰਾਂ' ਵਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੇ ਤਹਿਤ ਸਥਾਨਕ ਕਸਬਾ ਨਵਾਂ ਪਿੰਡ ਵਿਖੇ ਗੁਰਦੁਆਰਾ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਵਿਖੇ ਗੁਰਸਿੱਖ ਨੌਜਵਾਨਾਂ ਨੂੰ ਸਮਾਨਿਤ ਕੀਤਾ ਗਿਆ ।ਇਸ ਮੌਕੇ ਸੋਸਾਇਟੀ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਵਡਾਲੀ ਡੋਗਰਾਂ ਨੇ ਗੱਲਬਾਤ ਦੌਰਾਨ ਦੱਸਿਆ ਕਿ ਅਜੋਕੇ ਯੁਗ ਅੰਦਰ ਪਤਿਤ ਤੇ ਨਸ਼ਿਆਂ 'ਚ ਗੁਲਤਾਨ ਹੋ ਕੇ ਸਿੱਖੀ ਤੋਂ ਦੂਰ ਜਾ ਰਹੀ ਨੌਜਵਾਨ ਪੀੜ੍ਹੀ ਨੂੰ ਮੁੜ ਸਿੱਖੀ 'ਚ ਲਿਆਉਣ ਦੇ ਲਈ ਵੱਖ -ਵੱਖ ਨਗਰਾਂ 'ਚ ਗੁਰੂ ਘਰਾਂ ਨਾਲ ਜੁੜੇ ਸੇਵਾਦਾਰਾਂ ਤੇ ਸਿੱਖ ਨੌਜਵਾਨਾਂ ਨੂੰ ਸਨਮਾਨਿਤ ਕੀਤਾ ਜਾ ਰਿਹਾ ਹੈ, ਤਾਂ ਜੋ ਉਨ੍ਹਾਂ ਤੋਂ ਪ੍ਰੇਰਿਤ ਹੋ ਕੇ ਹੋਰ ਨੌਜਵਾਨ ਵੀ ਸਿੱਖੀ ਨਾਲ ਪਿਆਰ ਅਤੇ ਗੁਰੂ ਸਾਹਿਬ ਜੀ ਤੇ ਨਿਸ਼ਚਾ ਰੱਖ ਕੇ ਆਪਣਾ ਜੀਵਨ ਬਤੀਤ ਕਰਨ ਅਤੇ ਆਪਣੇ ਮਾਂ ਬਾਪ ਦੀ ਸੇਵਾ ਕਰਕੇ ਉਨਾਂ ਦੀਆਂ ਉਮੀਦਾਂ ਨੂੰ ਸਰ ਕਰਨ ।ਇਸ ਮੌਕੇ ਸਿੰਘ ਸਾਹਿਬ ਭਾਈ ਕੁਲਵੰਤ ਸਿੰਘ, ਗ੍ਰੰਥੀ ਸਿੰਘ ਗੁਰਦੁਆਰਾ ਅਮਰ ਸ਼ਹੀਦ ਬਾਬਾ ਜੀਵਨ ਸਿੰਘ, ਨਵਾਂ ਪਿੰਡ ਨੇ ਸੋਸਾਇਟੀ ਦੇ ਇਸ ਸ਼ਾਲਾਘਾਯੋਗ ਉਪਰਾਲੇ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਦੱਸਿਆ ਕਿ ਇਹ ਸਨਮਾਨਿਤ ਕੀਤੇ ਗਏ ਨੌਜਵਾਨ ਪੜ੍ਹਾਈ ਦੇ ਨਾਲ-ਨਾਲ ਗੁਰੂ ਘਰ ਵਿਖੇ ਸਰਦੀਆਂ ਦੇ ਦਿਨਾਂ 'ਚ ਸਵੇਰੇ 3 ਵਜੇ, ਗਰਮੀਆਂ ਦੇ ਦਿਨਾਂ 2 ਵਜੇ ਤੇ ਸ਼ਾਮ ਨੂੰ ਬਿਨਾਂ ਨਾਗਾ ਨਿਸ਼ਕਾਮ ਸੇਵਾ ਕਰਦੇ ਹਨ ।ਅਤੇ ਅਸੀਂ ਅਰਦਾਸ ਕਰਦੇ ਹਾਂ ਕਿ ਇਨਾਂ ਨੌਜਵਾਨਾਂ ਤੇ ਗੁਰੂ ਸਾਹਿਬ ਆਪਣੀ ਕਿਰਪਾ ਬਣਾਈ ਰੱਖਣ ਅਤੇ ਇਹਨਾਂ ਨੌਜਵਾਨਾਂ ਨੂੰ ਦੁਨੀਆਂ ਦੀ ਹਰ ਖੁਸ਼ੀ ਪ੍ਰਾਪਤ ਹੋਵੇ ! ਇਸ ਮੌਕੇ ਸੋਸਾਇਟੀ ਦੇ ਸਲਾਹਕਾਰ ਭਾਈ ਹਰਭਜਨ ਸਿੰਘ ਮੋਜੀ, ਸਲਾਹਕਾਰ ਗ੍ਰੰਥੀ ਸਿੰਘ ਦਲਵਿੰਦਰ ਸਿੰਘ ਗੁਦੁਆਰਾ ਬੋਹੜੀ ਸਾਹਿਬ, ਸਲਾਹਕਾਰ ਜਸਪਾਲ ਸਿੰਘ ਨਵਾਂ ਪਿੰਡ, ਜਨਰਲ ਸਕੱਤਰ ਜੋਬਨਬੀਰ ਸਿੰਘ ਵਡਾਲੀ, ਹਰਦੀਪ ਸਿੰਘ ਸਹੋਤਾ ਤੇ ਜਥੇਦਾਰ ਜਗਦੀਸ਼ ਸਿੰਘ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਥਕ ਏਕਤਾ ਅਤੇ ਭਾਈਚਾਰੇ ਦਾ ਸੰਦੇਸ਼ ਦੇ ਗਈ ਕਾਲਕਾ-ਲਾਖਾ ਮੁਲਾਕਾਤ



ਨਵੀਂ ਦਿੱਲੀ 20 ਮਈ (ਮਨਪ੍ਰੀਤ ਸਿੰਘ ਖਾਲਸਾ):- ਹਰਮੀਤ ਸਿੰਘ ਕਾਲਕਾ ਨੇ ਦਿੱਲੀ ਸਿੱਖ ਗੁਰਦਵਾਰਾ ਕਮੇਟੀ ਦੇ ਪ੍ਰਧਾਨ ਵਜੋਂ ਅੱਜ ਨਵੀਂ ਦਿੱਲੀ ਵਿੱਚ ਕਿਹਾ ਕਿ ਲਖਵਿੰਦਰ ਸਿੰਘ ਲਾਖਾ ਨਾਲ ਹੋਈ ਮੁਲਾਕਾਤ ਬਹੁਤ ਹੀ ਸਨੇਹਪੂਰਣ, ਆਤਮਿਕ ਅਤੇ ਸਦਭਾਵਨਾ ਭਰੇ ਮਾਹੌਲ ਵਿੱਚ ਸੰਪੰਨ ਹੋਈ।ਸਰਦਾਰ ਕਾਲਕਾ ਨੇ ਕਿਹਾ ਕਿ ਸਿੱਖ ਸੰਸਥਾਵਾਂ ਦੀ ਮਜ਼ਬੂਤੀ, ਪੰਥਕ ਏਕਤਾ ਅਤੇ ਸਮਾਜਿਕ ਭਲਾਈ ਲਈ ਆਪਸੀ ਸਹਿਯੋਗ ਅਤੇ ਤਾਲਮੇਲ ਅੱਜ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਤਖ਼ਤ ਸ਼੍ਰੀ ਪਟਨਾ ਸਾਹਿਬ ਕਮੇਟੀ ਵਰਗੀ ਮਹਾਨ ਧਾਰਮਿਕ ਸੰਸਥਾ ਨਾਲ ਜੁੜੇ ਅਹੁਦੇਦਾਰਾਂ ਦੀ ਨਿਸ਼ਕਾਮ ਸੇਵਾ ਅਤੇ ਸਮਰਪਣ ਸਾਰੀ ਸਿੱਖ ਕੌਮ ਲਈ ਪ੍ਰੇਰਣਾ ਦਾ ਸਰੋਤ ਹਨ ਉਨ੍ਹਾਂ ਦੱਸਿਆ ਕਿ ਇਸ ਮੌਕੇ ਦੌਰਾਨ ਸਰਦਾਰ ਲਖਵਿੰਦਰ ਸਿੰਘ ਲਾਖਾ ਵੱਲੋਂ ਦਿੱਤੇ ਗਏ ਪਿਆਰ, ਨਿੱਘੇ ਸਵਾਗਤ ਅਤੇ ਉੱਚੇ ਸਤਿਕਾਰ ਲਈ ਉਹ ਦਿਲੋਂ ਧੰਨਵਾਦੀ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਮਿਲਣੀਆਂ ਨਾ ਸਿਰਫ਼ ਆਪਸੀ ਰਿਸ਼ਤਿਆਂ ਨੂੰ ਹੋਰ ਮਜ਼ਬੂਤ ਕਰਦੀਆਂ ਹਨ, ਸਗੋਂ ਸਿੱਖ ਸੰਸਥਾਵਾਂ ਵਿਚਕਾਰ ਸਾਂਝ, ਏਕਤਾ ਅਤੇ ਤਾਲਮੇਲ ਨੂੰ ਵੀ ਨਵੀਂ ਮਜ਼ਬੂਤੀ ਪ੍ਰਦਾਨ ਕਰਦੀਆਂ ਹਨ ।ਸਰਦਾਰ ਹਰਮੀਤ ਸਿੰਘ ਕਾਲਕਾ ਨੇ ਅਰਦਾਸ ਕਰਦਿਆਂ ਕਿਹਾ ਕਿ ਸਰਦਾਰ ਲਖਵਿੰਦਰ ਸਿੰਘ ਲਾਖਾ ਸਮਾਜ ਸੇਵਾ, ਪੰਥਕ ਕਾਰਜਾਂ ਅਤੇ ਸਿੱਖ ਸੰਸਥਾਵਾਂ ਦੀ ਚੜ੍ਹਦੀ ਕਲਾ ਲਈ ਇਸੇ ਤਰ੍ਹਾਂ ਨਿਸ਼ਕਾਮ ਸੇਵਾ ਕਰਦੇ ਰਹਿਣ।ਉਨ੍ਹਾਂ ਨੇ ਕਿਹਾ ਕਿ ਵਾਹਿਗੁਰੂ ਜੀ ਦੀ ਕਿਰਪਾ ਸਦਕਾ ਉਹ ਹਰ ਖੇਤਰ ਵਿੱਚ ਨਵੀਆਂ ਉੱਚਾਈਆਂ ਅਤੇ ਲਗਾਤਾਰ ਕਾਮਯਾਬੀਆਂ ਹਾਸਲ ਕਰਨ। ਇਸ ਮੌਕੇ ਉਨ੍ਹਾਂ ਨਾਲ ਮੀਡੀਆ ਐਡਵਾਇਜ਼ਰ ਸੁਦੀਪ ਸਿੰਘ ਅਤੇ ਧਰਮ ਪ੍ਰਚਾਰ ਵਿੰਗ ਦੇ ਚੇਅਰਮੈਨ ਜਸਪ੍ਰੀਤ ਸਿੰਘ ਕਰਮਸਰ ਮੌਜੂਦ ਸਨ।

## ਆਮ ਆਦਮੀ ਪਾਰਟੀ ਨੂੰ ਵੱਡਾ ਝਟਕਾ—ਬਸਤੀ ਚੰਦੇਵਾਲੀ ਕਾਮਲ ਵਾਲਾ ਖੁਰਦ ਦੇ

# ਆਮ ਆਦਮੀ ਪਾਰਟੀ ਛੱਡ ਕੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਵਿੱਚ ਸ਼ਾਮਿਲ



**ਫ਼ਿਰੋਜ਼ਪੁਰ, 20 ਮਈ (ਮਨੋਹਰ ਲਾਲ)** :— ਹਲਕਾ ਫ਼ਿਰੋਜ਼ਪੁਰ ਸ਼ਹਿਰ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਬਹੁਤ ਵੱਡਾ ਸਿਆਸੀ ਝਟਕਾ ਲੱਗਾ, ਜਦੋਂ ਬਸਤੀ ਚੰਦੇਵਾਲੀ ਕਾਮਲ ਵਾਲਾ ਖੁਰਦ ਦੇ ਕਈ ਪਰਿਵਾਰਾਂ ਨੇ ਆਪ ਦੀਆਂ ਨੀਤੀਆਂ ਤੋਂ ਤੰਗ ਆ ਕੇ ਪਾਰਟੀ ਛੱਡਣ ਦਾ ਐਲਾਨ ਕਰ ਦਿੱਤਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਜਸਬੀਰ ਸਿੰਘ ਭੁੱਲਰ ਨੇ ਦੱਸਿਆ ਕਿ ਇਹ ਸਾਰੇ ਪਰਿਵਾਰ ਆਮ ਆਦਮੀ ਪਾਰਟੀ ਨੂੰ ਅਲਵਿਦਾ ਕਹਿ ਕੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਵਿੱਚ ਸ਼ਾਮਿਲ ਹੋ ਗਏ ਹਨ। ਇਸ ਮੌਕੇ ਹਲਕਾ ਫ਼ਿਰੋਜ਼ਪੁਰ ਸ਼ਹਿਰ ਦੇ ਹਲਕਾ ਇੰਚਾਰਜ ਜਸਬੀਰ ਸਿੰਘ ਭੁੱਲਰ ਵਿਸ਼ੇਸ਼ ਤੌਰ ਤੇ ਪਹੁੰਚੇ। ਉਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦਾ ਪੱਲਾ ਫੜਨ ਵਾਲੇ ਸਾਰੇ ਪਰਿਵਾਰਾਂ ਅਤੇ ਵੋਟਰਾਂ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਭੁੱਲਰ ਵੱਲੋਂ ਪਾਰਟੀ ਵਿੱਚ ਸ਼ਾਮਿਲ ਹੋਏ ਸਾਰੇ ਮੈਂਬਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਪਾਰਟੀ ਵਿੱਚ ਬਣਦਾ ਮਾਣ ਸਤਿਕਾਰ ਦੇਣ ਦਾ ਭਰੋਸਾ ਦਿੱਤਾ ਗਿਆ।

ਇਸ ਪ੍ਰਭਾਵਸ਼ਾਲੀ ਇਕੱਠ ਦੌਰਾਨ ਇਲਾਕੇ ਦੀਆਂ ਕਈ ਪ੍ਰਮੁੱਖ ਸ਼ਖਸੀਅਤਾਂ ਜਿਨ੍ਹਾਂ ਵਿੱਚ ਮੁੱਖ ਤੌਰ ਤੇ ਮਲਕੀਤ ਸਿੰਘ, ਸੁਖਦੇਵ ਸਿੰਘ, ਗੁਰਦੇਵ ਸਿੰਘ ਨੰਬਰਦਾਰ, ਸੁਰਜੀਤ ਸਿੰਘ ਜਥੇਦਾਰ, ਕਰਤਾਰ ਸਿੰਘ, ਦਰਸ਼ਨ ਸਿੰਘ, ਮਾਸਟਰ ਸੁਖਵਿੰਦਰ ਸਿੰਘ, ਸੁਖਬੀਰ ਸਿੰਘ ਅਤੇ ਸੁਖਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਸਥਾਨਕ ਨਿਵਾਸੀ ਅਤੇ ਪਾਰਟੀ ਵਰਕਰ ਵੀ ਹਾਜ਼ਰ ਸਨ।ਰਾਜਨੀਤਿਕ ਮਾਹਰਾਂ ਮੁਤਾਬਕ ਏਨ੍ਹੀ ਵੱਡੀ ਗਿਣਤੀ ਵੋਟਰਾਂ ਦਾ ਇਕੱਠੇ ਪਾਰਟੀ ਬਦਲਣਾ ਆਉਣ ਵਾਲੇ ਸਮੇਂ ਵਿੱਚ ਹਲਕੇ ਦੇ ਸਿਆਸੀ ਸਮੀਕਰਨਾਂ ਨੂੰ ਵੱਡੇ ਪੱਧਰ ਤੇ ਪ੍ਰਭਾਵਿਤ ਕਰੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਸਫਲ ਅਪਰੇਸ਼ਨ, ਡਾਕਟਰਾਂ ਦੀ ਟੀਮ ਨੇ ਹਾਸਲ ਕੀਤੀ ਵੱਡੀ ਕਾਮਯਾਬੀ



**ਤਲਵੰਡੀ ਸਾਬੋ, 20 ਮਈ (ਗੁਰਜੰਟ ਸਿੰਘ ਨਥੇਹਾ)**- ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਐੱਸ.ਐੱਮ.ਓ ਡਾਕਟਰ ਰਵੀ ਕਾਂਤ ਗੁਪਤਾ ਦੀ ਅਗਵਾਈ ਹੇਠ ਅੱਜ ਇੱਕ ਮਰੀਜ਼ ਦਾ ਵੱਡਾ ਅਪਰੇਸ਼ਨ ਸਫਲਤਾਪੂਰਵਕ ਕਰਕੇ ਵੱਡੀ ਕਾਮਯਾਬੀ ਹਾਸਲ ਕੀਤੀ ਗਈ। ਸਮੂਹ ਡਾਕਟਰਾਂ, ਸਟਾਫ ਨਰਸਾਂ ਅਤੇ ਕਰਮਚਾਰੀਆਂ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਗਾਇਨੀ ਮਾਹਿਰ ਡਾ. ਅੰਕਿਤਾ ਅਤੇ ਜਨਰਲ ਸਰਜਨ ਡਾ. ਲਵਕੇਸ਼ ਗੁਪਤਾ ਅਤੇ ਸਟਾਫ ਨਰਸ ਰਮਨਦੀਪ ਕੌਰ ਵੱਲੋਂ ਆਪਣੀ ਓਟੀ ਟੀਮ ਦੇ ਸਹਿਯੋਗ ਨਾਲ ਸਫਲ ਸਰਜਰੀ ਕਰਦਿਆਂ ਲਗਭਗ 2 ਕਿਲੋ ਭਾਰ ਦਾ ਟਿਊਮਰ (ਫਾਈਬਰਾਇਡ) ਕੱਢਿਆ ਗਿਆ। ਇਸ ਮੌਕੇ ਐੱਸ.ਐੱਮ.ਓ ਡਾਕਟਰ ਰਵੀ ਕਾਂਤ ਗੁਪਤਾ ਨੇ ਖੁਸ਼ੀ ਜ਼ਾਹਿਰ ਕਰਦਿਆਂ ਕਿਹਾ ਕਿ ਇਸ ਵੱਡੀ ਉਪਲਬਧੀ ਲਈ ਸਮੂਹ ਟੀਮ ਵਧਾਈ ਦੀ ਪਾਤਰ ਹੈ, ਜਿਨ੍ਹਾਂ ਨੇ ਸਖ਼ਤ ਮਿਹਨਤ ਅਤੇ ਪੂਰੀ ਲਗਨ ਨਾਲ ਸਫਲ ਅਪਰੇਸ਼ਨ ਕਰਕੇ ਮਰੀਜ਼ ਦੀ ਜਾਨ ਬਚਾਈ ਹੈ। ਉਨ੍ਹਾਂ ਕਿਹਾ ਕਿ ਅੱਜ ਦਾ ਦਿਨ ਹਸਪਤਾਲ ਲਈ ਇੱਕ ਇਤਿਹਾਸਕ ਅਤੇ ਯਾਦਗਾਰ ਦਿਨ ਵਜੋਂ ਯਾਦ ਰੱਖਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਲਗਭਗ 14 ਮਹੀਨੇ ਪਹਿਲਾਂ ਹਲਕਾ ਵਿਧਾਇਕਾ ਅਤੇ ਕੈਬਨਿਟ ਰੈਂਕ ਪ੍ਰੋ. ਬਲਜਿੰਦਰ ਕੌਰ ਦੀ ਪੈਰਵਾਈ ਹੇਠ ਉਨ੍ਹਾਂ ਨੇ ਇਸ ਹਸਪਤਾਲ ਵਿੱਚ ਸੇਵਾਵਾਂ ਸੰਭਾਲੀਆਂ ਸਨ ਅਤੇ ਉਸ ਤੋਂ ਬਾਅਦ ਹਸਪਤਾਲ ਦੀ ਦਸ਼ਾ ਵਿੱਚ ਕਾਫ਼ੀ ਸੁਧਾਰ ਆਇਆ ਹੈ। ਉਨ੍ਹਾਂ ਕਿਹਾ ਕਿ ਜਿੱਥੇ ਹਸਪਤਾਲ ਵਿੱਚ ਸਾਫ਼-ਸਫ਼ਾਈ ਅਤੇ ਸੁਚੱਜਾ ਪ੍ਰਬੰਧ ਯਕੀਨੀ ਬਣਾਇਆ ਗਿਆ ਹੈ, ਉੱਥੇ ਹੀ ਡਾਕਟਰਾਂ ਦੀ ਘਾਟ ਨੂੰ ਵੀ ਕਾਫ਼ੀ ਹੱਦ ਤੱਕ ਪੂਰਾ ਕੀਤਾ ਗਿਆ ਹੈ ਅਤੇ ਮਰੀਜ਼ਾਂ ਨੂੰ ਲੋੜੀਂਦੀਆਂ ਦਵਾਈਆਂ ਹਸਪਤਾਲ ਅੰਦਰੋਂ ਹੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਹੋਰ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਹਸਪਤਾਲ ਵਿੱਚ ਲੋਕਾਂ ਨੂੰ ਹੋਰ ਵਧੀਆ ਅਤੇ ਆਧੁਨਿਕ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਹਰ ਸੰਭਵ ਕੋਸ਼ਿਸ਼ ਜਾਰੀ ਰਹੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰੀ ਹਸਪਤਾਲਾਂ ਵਿੱਚ ਮਿਲ ਰਹੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।

## ਹਲਕਾ ਜੰਡਿਆਲਾ ਗੁਰੂ ਦੀ ਸੋਸ਼ਲ ਮੀਡੀਆ ਵਾਈਸ ਕੁਆਰਡੀਨੇਟਰ ਬਣਨ ਤੇ ਹਾਈਕਮਾਂਡ ਦਾ ਕੀਤਾ ਧੰਨਵਾਦ

## ਨਗਰ ਕੌਂਸਲ ਚੋਣਾਂ ਚ ਵਿਕਾਸ ਕਾਰਜਾਂ ਤੇ ਜਿੱਤ ਹਾਸਲ ਕਰੇਗੀ ਆਮ ਆਦਮੀ ਪਾਰਟੀ ਮੈਡਮ ਸਰਬਜੀਤ ਕੌਰ



ਜੰਡਿਆਲਾ ਗੁਰੂ 20 ਮਈ ( ਕੁਲਵੰਤ ਸਿੰਘ ਵਿਰਦੀ ) ਆਮ ਆਦਮੀ ਪਾਰਟੀ ਦੀ ਹਾਈਕਮਾਂਡ ਵੱਲੋਂ ਪਾਰਟੀ ਲਈ ਕੰਮ ਕਰ ਰਹੇ ਵਰਕਰਾਂ ਨੂੰ ਬਣਦਾ ਮਾਣ ਸਨਮਾਨ ਦਿੱਤਾ ਜਾ ਰਿਹਾ ਹੈ ਇਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆ ਹੋਇਆ ਮੈਡਮ ਸਰਬਜੀਤ ਕੌਰ ਨੇ ਅੱਗੇ ਦੱਸਿਆ ਕਿ ਅੱਜ ਆਮ ਪਾਰਟੀ ਪੰਜਾਬ ਵੱਲੋਂ ਅਹੁਦੇਦਾਰਾਂ ਦੀ ਜਿਹੜੀ ਲਿਸਟ ਜਾਰੀ ਕੀਤੀ ਗਈ ਜਿਸ ਵਿੱਚ ਮੈਨੂੰ ਬਤੌਰ ਹਲਕਾ ਜੰਡਿਆਲਾ ਗੁਰੂ ਤੋਂ ਸੋਸ਼ਲ ਮੀਡੀਆ ਵਾਈਸ ਕੁਆਂਡੀ-ਨੇਟਰ ਨਿਯੁਕਤ ਕੀਤਾ ਗਿਆ ਮੈਂ ਆਪਣੀ ਇਸ ਨਿਯੁਕਤੀ ਤੇ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਹਾਈ ਕਮਾਂਡ ਤੇ ਸ਼ੋਸ਼ਲ ਮੀਡੀਆ ਮਾਂਝਾ ਜੋਨ ਪ੍ਰਧਾਨ ਪ੍ਰੀਤ ਸਿੰਘ ਘਰਿਆਲੀ ਦਾ ਧੰਨਵਾਦ ਕਰਦੀ ਹਾਂ। ਮੈਡਮ ਸਰਬਜੀਤ ਕੌਰ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਵਿੱਚ ਹੀ ਅਜਿਹਾ ਹੋਣਾ ਸੰਭਵ ਹੈ ਜਿਸ ਵਿੱਚ ਆਮ ਘਰਾਂ ਦੇ ਪਾਰਟੀ ਪ੍ਰਤੀ ਮਿਹਨਤ ਕਰਨ ਵਾਲੇ ਵਰਕਰਾਂ ਨੂੰ ਪਾਰਟੀ ਵਿੱਚ ਉੱਚ ਅਹੁਦਿਆਂ ਨਾਲ ਨਿਵਾਜਿਆ ਜਾਂਦਾ ਹੈ। ਜਿਸ ਵਿੱਚ ਪਹਿਲਾਂ ਮੈਂ ਆਮ ਵਰਕਰ ਬਤੌਰ ਪਾਰਟੀ ਲਈ ਸੇਵਾ ਨਿਭਾਈ ਹੈ ਅਤੇ ਫਿਰ ਮੈਨੂੰ ਬਲਾਕ ਕੁਆਂਡੀਨੇਟਰ ਲਗਾਇਆ ਗਿਆ ਅਤੇ ਅੱਜ ਮੈਨੂੰ ਪ੍ਰਮਾਤਮਾ ਦੀ ਕਿਰਪਾ ਨਾਲ ਹਲਕੇ ਦੀ ਸੋਸਲ ਮੀਡੀਆ ਵਾਈਸ ਕੁਆਂਡੀਨੇਟਰ ਲਗਾਇਆ ਗਿਆ ਹੈ ! ਅੱਗੇ ਮੈਡਮ ਸਰਬਜੀਤ ਕੌਰ ਨੇ ਕਿਹਾ ਕਿ ਹਾਈਕਮਾਂਡ ਵੱਲੋਂ ਮਿਲੀ ਜਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਣ ਦਾ ਯਤਨ ਕਰਾਂਗੀ ਅੱਗੇ ਉਨਾਂ ਕਿਹਾ ਕਿ ਆਮ ਆਦਮੀ ਪਾਰਟੀ ਕੀਤੇ ਗਏ ਵਿਕਾਸ ਕਾਰਜਾਂ ਤੇ ਨਗਰ ਕੌਂਸਲ ਦੀਆਂ ਚੋਣਾਂ ਲੜ੍ਹ ਰਹੀ ਹੈ ਅਤੇ ਪੂਰੇ ਬਹੁਮਤ ਨਾਲ ਨਗਰ ਕੌਂਸਲ ਚੋਣਾਂ ਚ ਜਿੱਤ ਹਾਸਲ ਕਰਕੇ ਲੋਕਾਂ ਦੀ ਸੇਵਾ ਵਿੱਚ ਹਾਜਰ ਹੋਵੇਗੀ ਅਤੇ 2027 ਵਿੱਚ ਵੀ ਵਿਕਾਸ ਤੇ ਹੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ ਅਤੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਜੰਡਿਆਲਾ ਗੁਰੂ ਹਲਕੇ ਤੋਂ ਵੱਡੇ ਲੀਡ ਨਾਲ ਜਿੱਤ ਹਾਸਲ ਕਰਨਗੇ।

## ਅਮਨਦੀਪ ਹਸਪਤਾਲ ਫਿਰੋਜ਼ਪੁਰ ਵਿੱਚ ਹੁਣ ਗੁਰਦਾ ਰੋਗਾਂ ਦੇ ਮਾਹਿਰ ਡਾਕਟਰੀ ਸੇਵਾਵਾਂ ਉਪਲਬਧ—ਡਾ: ਸੌਰਵ ਗੋਯਲ ਹਫ਼ਤੇ ਵਿੱਚ ਤਿੰਨ ਦਿਨ ਕਰਨਗੇ ਮਰੀਜ਼ਾਂ ਦੀ ਜਾਂਚ



ਫ਼ਿਰੋਜ਼ਪੁਰ, 20 ਮਈ (ਮਨੋਹਰ ਲਾਲ) :— ਅਮਨਦੀਪ ਹਸਪਤਾਲ ਫਿਰੋਜ਼ਪੁਰ ਵੱਲੋਂ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਗੁਰਦਾ ਰੋਗਾਂ ਦੇ ਇਲਾਜ ਲਈ ਵਿਸ਼ੇਸ਼ ਨੇਫਰੋਲੋਜੀ ਓ.ਪੀ.ਡੀ ਸੇਵਾ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਤਹਿਤ ਪ੍ਰਸਿੱਧ ਗੁਰਦਾ ਰੋਗ ਵਿਸ਼ੇਸ਼ਗਿਆ ਅਤੇ ਟਰਾਂਸਪਲਾਂਟ ਚਿਕਿਤਸਕ ਡਾ: ਸੌਰਵ ਗੋਯਲ ਹੁਣ ਹਰ ਮੰਗਲਵਾਰ, ਵੀਰਵਾਰ ਅਤੇ ਸ਼ੁੱਕਰਵਾਰ ਸ਼ਾਮ 5 ਵਜੇ ਤੋਂ 7 ਵਜੇ ਤੱਕ ਮਰੀਜ਼ਾਂ ਨੂੰ ਸਲਾਹ ਅਤੇ ਇਲਾਜ ਲਈ ਉਪਲਬਧ ਰਹਿਣਗੇ। ਇਸ ਨਵੀਂ ਸੇਵਾ ਨਾਲ ਹੁਣ ਫਿਰੋਜ਼ਪੁਰ ਅਤੇ ਆਸ—ਪਾਸ ਦੇ ਇਲਾਕਿਆਂ ਦੇ ਮਰੀਜ਼ਾਂ ਨੂੰ ਆਪਣੇ ਹੀ ਸ਼ਹਿਰ ਵਿੱਚ ਆਧੁਨਿਕ ਗੁਰਦਾ ਰੋਗ ਇਲਾਜ ਦੀਆਂ ਸੁਵਿਧਾਵਾਂ ਮਿਲ ਸਕਣਗੀਆਂ ਅਤੇ ਉਨ੍ਹਾਂ ਨੂੰ ਵੱਡੇ ਸ਼ਹਿਰਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ। ਡਾ: ਸੌਰਵ ਗੋਯਲ ਤੀਵਰ ਗੁਰਦਾ ਨੁਕਸਾਨ, ਪੁਰਾਣੇ ਗੁਰਦਾ ਰੋਗ, ਕਿਡਨੀ ਟਰਾਂਸਪਲਾਂਟ ਮਰੀਜ਼ਾਂ ਅਤੇ ਗੰਭੀਰ ਨੇਫਰੋਲੋਜੀ ਮਾਮਲਿਆਂ ਦੇ ਇਲਾਜ ਵਿੱਚ ਵਿਸ਼ੇਸ਼ ਸੇਵਾਵਾਂ ਪ੍ਰਦਾਨ ਕਰਨਗੇ। ਇਸ ਤੋਂ ਇਲਾਵਾ ਉਹ ਸਥਾਈ ਅਤੇ ਅਸਥਾਈ ਡਾਇਲਿਸਿਸ ਕੈਥੇਟਰ ਲਗਾਉਣ ਦੀ ਸਹੂਲਤ ਵੀ ਦੇਣਗੇ, ਜਿਸ ਵਿੱਚ ਪਰਮਨੈਂਟ ਕੈਥੇਟਰ ਅਤੇ ਪੈਰੀਟੋਨੀਅਲ ਡਾਇਲਿਸਿਸ ਕੈਥੇਟਰ ਸ਼ਾਮਲ ਹਨ। ਉਹ ਪੈਰੀਟੋਨੀਅਲ ਡਾਇਲਿਸਿਸ ਅਤੇ ਹੀਮੋਡਾਇਲਿਸਿਸ ਨਾਲ ਜੁੜੇ ਮਰੀਜ਼ਾਂ ਦੀ ਦੇਖਭਾਲ ਦੇ ਨਾਲ—ਨਾਲ ਸਹੀ ਜਾਂਚ ਅਤੇ ਇਲਾਜ ਯੋਜਨਾ ਲਈ ਰੀਨਲ ਬਾਇਓਪਸੀ ਦੀ ਸਹੂਲਤ ਵੀ ਉਪਲਬਧ ਕਰਵਾਉਣਗੇ। ਅਮਨਦੀਪ ਹਸਪਤਾਲ ਫਿਰੋਜ਼ਪੁਰ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਡਾ: ਸੌਰਵ ਗੋਯਲ ਦੇ ਜੁੜਨ ਨਾਲ ਹਸਪਤਾਲ ਵਿੱਚ ਨੇਫਰੋਲੋਜੀ ਅਤੇ ਟਰਾਂਸਪਲਾਂਟ ਸੇਵਾਵਾਂ ਹੋਰ ਮਜ਼ਬੂਤ ਹੋਣਗੀਆਂ। ਉਨ੍ਹਾਂ ਕਿਹਾ ਕਿ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਮਰੀਜ਼ਾਂ ਨੂੰ ਸਮੇਂ ਸਿਰ ਆਧੁਨਿਕ ਇਲਾਜ ਆਪਣੇ ਘਰ ਦੇ ਨੇੜੇ ਮੁਹੱਈਆ ਕਰਵਾਉਣਾ ਹਸਪਤਾਲ ਦੀ ਪਹਿਲ ਹੈ।